SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 67 | Thursday, April 11, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕਾਰਬਨ ਟੈਕਸ ਬਾਰੇ ਕੰਜ਼ਰਵੇਟਿਵਾਂ ਵੱਲੋਂ ਲਿਆਂਦਾ ਮਤਾ ਐਨਡੀਪੀ ਤੇ ਬਲਾਕ ਦੀ ਹਮਾਇਤ ਨਾਲ ਪਾਸ

ਓਟਵਾ, 10 ਅਪਰੈਲ (ਪੋਸਟ ਬਿਊਰੋ) : ਬੁੱਧਵਾਰ ਨੂੰ ਕੰਜ਼ਰਵੇਟਿਵਾਂ ਵੱਲੋਂ ਇਹ ਮੰਗ ਕੀਤੀ ਗਈ ਕਿ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਕੈਨੇਡਾ ਦੇ ਪ੍ਰੀਮੀਅਰਜ਼ ਨਾਲ ਟੈਲੀਵਿਜ਼ਨ ਉੱਤੇ ਕਾਰਬਨ ਟੈਕਸ ਬਾਰੇ ਐਮਰਜੰਸੀ ਮੀਟਿੰਗ ਕਰਨ। ਇਸ ਲਈ ਫੈਡਰਲ ਐਨਡੀਪੀ ਤੇ ਬਲਾਕ ਵੱਲੋਂ ਵੀ ਸਹਿਮਤੀ ਦਿੱਤੀ ਗਈ।



ਐਨਡੀਪੀ ਦੀ ਐਨਵਾਇਰਮੈਂਟ ਕ੍ਰਿਟਿਕ ਲੌਰੇਲ ਕੌਲਿਨਜ਼ ਨੇ ਬੁੱਧਵਾਰ ਨੂੰ ਆਖਿਆ ਕਿ ਫੈਡਰਲ ਸਰਕਾਰ ਵੱਲੋਂ ਕਾਰਬਨ ਟੈਕਸ ਲਾਏ ਜਾਣਾ ਹੀ ਕਲਾਈਮੇਟ ਪਾਲਿਸੀ ਨਹੀਂ ਹੈ ਸਗੋਂ ਐਨਡੀਪੀ ਵੀ ਚਾਹੁੰਦੀ ਹੈ ਕਿ ਸਾਰੇ ਪ੍ਰੀਮੀਅਰਜ਼ ਵੱਲੋਂ ਪੇਸ਼ ਕੀਤੇ ਜਾਣ ਵਾਲੇ ਇਸ ਦੇ ਬਦਲਵੇਂ ਪ੍ਰਬੰਧਾਂ ਨੂੰ ਸਾਰੇ ਸੁਣ ਤੇ ਵੇਖ ਸਕਣ ਤਾਂ ਕਿ ਇਸ ਦਾ ਕੋਈ ਹੋਰ ਹੱਲ ਕੱਢਿਆ ਜਾ ਸਕੇ। ਉਨ੍ਹਾਂ ਆਖਿਆ ਕਿ ਅਸੀਂ ਚਾਹੁੰਦੇ ਹਾਂ ਕਿ ਕਲਾਈਮੇਟ ਐਮਰਜੰਸੀ ਨਾਲ ਸੰਘਰਸ਼ ਵਿੱਚ ਸਾਰੇ ਕੈਨੇਡੀਅਨਜ਼ ਨੂੰ ਇੱਕਜੁੱਟ ਕੀਤਾ ਜਾ ਸਕੇ ਤਾਂ ਕਿ ਮਹਿੰਗਾਈ ਦੇ ਸੰਕਟ ਨਾਲ ਨਜਿੱਠਣ ਦੇ ਨਾਲ ਨਾਲ ਸਰਕਾਰ ਵੀ ਸਾਡਾ ਸਮਰਥਨ ਕਰ ਸਕੇ।

ਕੰਜ਼ਰਵੇਟਿਵਾਂ ਵੱਲੋਂ ਪੰਜ ਹਫਤਿਆਂ ਦੇ ਅੰਦਰ ਅੰਦਰ ਪ੍ਰਧਾਨ ਮੰਤਰੀ ਟਰੂਡੋ ਦੇ ਪ੍ਰੋਵਿੰਸ਼ੀਅਲ ਤੇ ਟੈਰੇਟੋਰੀਅਲ ਆਗੂਆਂ ਨਾਲ ਮਿਲ ਬੈਠ ਕੇ ਗੱਲਬਾਤ ਕਰਨ ਸਬੰਧੀ ਲਿਆਂਦੇ ਮਤੇ ਦਾ ਐਨਡੀਪੀ ਵੱਲੋਂ ਸਮਰਥਨ ਕੀਤਾ ਗਿਆ। ਇਹ ਮਤਾ ਐਨਡੀਪੀ ਤੇ ਬਲਾਕ ਕਿਊਬਿਕੁਆ ਦੀ ਮਦਦ ਨਾਲ ਬੁੱਧਵਾਰ ਨੂੰ ਹਾਊਸ ਆਫ ਕਾਮਨਜ਼ ਵਿੱਚ ਪਾਸ ਹੋ ਗਿਆ ਜਦਕਿ ਲਿਬਰਲ ਐਮਪੀਜ਼ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ।

ਵੋਟ ਤੋਂ ਬਾਅਦ ਕੰਜ਼ਰਵੇਟਿਵ ਪਾਰਟੀ ਨੇ ਆਖਿਆ ਕਿ ਕਾਰਬਨ ਟੈਕਸ ਨਾਲ ਕੈਨੇਡੀਅਨਜ਼ ਨੂੰ ਕੀ ਦਿੱਕਤਾਂ ਆਉਣਗੀਆਂ ਇਸ ਬਾਰੇ ਕੈਨੇਡੀਅਨ ਪ੍ਰੀਮੀਅਰਜ਼ ਦਾ ਪੱਖ ਸੁਣਨ ਦੀ ਜ਼ਿੰਮੇਵਾਰੀ ਵੀ ਟਰੂਡੋ ਨੂੰ ਲੈਣੀ ਚਾਹੀਦੀ ਹੈ। ਇਹ ਵੀ ਆਖਿਆ ਗਿਆ ਕਿ ਇਸ ਮੀਟਿੰਗ ਵਿੱਚ ਟਰੂਡੋ ਨੂੰ ਫੈਡਰਲ ਕਾਰਬਨ ਟੈਕਸ ਤੋਂ ਬਾਹਰ ਰਹਿਣ ਦੇ ਚਾਹਵਾਨ ਪ੍ਰੋਵਿੰਸਾਂ ਨੂੰ ਇਸ ਦੀ ਇਜਾਜ਼ਤ ਦੇਣੀ ਚਾਹੀਦੀ ਹੈ ਤਾਂ ਕਿ ਉਹ ਆਪਣੇ ਢੰਗ ਨਾਲ ਬਿਨਾਂ ਟੈਕਸਾਂ ਤੋਂ ਗ੍ਰੀਨ ਹਾਊਸ ਗੈਸਾਂ ਦੇ ਰਿਸਾਅ ਨੂੰ ਘੱਟ ਕਰਨ ਦੇ ਆਈਡੀਆਜ਼ ਨੂੰ ਪੂਰੀ ਜ਼ਿੰਮੇਵਾਰੀ ਨਾਲ ਅਮਲ ਵਿੱਚ ਲਿਆ ਸਕਣ।

## ਖੁਫੀਆ ਜਾਣਕਾਰੀ ਦਾ ਸਨਸਨੀਕਰਨ ਕੀਤੇ ਜਾਣ 'ਤੇ ਟਰੂਡੋ ਨੇ ਪ੍ਰਗਟਾਈ ਚਿੰਤਾ

ਓਟਵਾ, 10 ਅਪਰੈਲ (ਪੋਸਟ ਬਿਊਰੋ) : ਬੁੱਧਵਾਰ ਨੂੰ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡਾ ਦੀ ਚੋਣ ਪ੍ਰਕਿਰਿਆ ਵਿੱਚ ਵਿਦੇਸ਼ੀ ਦਖਲ ਦੇ ਮਾਮਲੇ ਵਿੱਚ ਨੈਸ਼ਨਲ ਪਬਲਿਕ ਇੰਕੁਆਰੀ ਦੇ ਸਾਹਮਣੇ ਪੇਸ਼ ਹੋ ਕੇ ਗਵਾਹੀ ਦਿੱਤੀ। ਟਰੂਡੋ ਨੇ ਇਸ ਦੌਰਾਨ ਖੁਫੀਆ ਜਾਣਕਾਰੀ ਦਾ ਸਨਸਨੀਕਰਨ ਕੀਤੇ ਜਾਣ ਉੱਤੇ ਚਿੰਤਾ ਪ੍ਰਗਟਾਈ। ਕਮਿਸ਼ਨ ਆਫ ਇਨਕੁਆਰੀ ਨਾਲ ਫਰਵਰੀ ਵਿੱਚ ਕੀਤੀ ਗਈ ਇੰਟਰਵਿਊ ਵਿੱਚ ਟਰੂਡੋ ਨੇ ਆਖਿਆ ਸੀ ਕਿ ਇਸ ਤਰ੍ਹਾਂ ਦੀ ਪਹੁੰਚ ਨਾਲ ਜਮਹੂਰੀ ਪ੍ਰਕਿਰਿਆ ਵਿੱਚ ਕੈਨੇਡੀਅਨਜ਼ ਦੇ ਵਿਸ਼ਵਾਸ ਨੂੰ ਵੱਡੀ ਸੱਟ ਵੱਜੀ ਹੈ। ਆਪਣੀ ਗਵਾਹੀ ਵਿੱਚ ਟਰੂਡੋ ਨੇ ਬੁੱਧਵਾਰ ਨੂੰ ਆਖਿਆ ਕਿ ਇਸ ਤਰ੍ਹਾਂ ਦੀ ਜਾਣਕਾਰੀ ਲੀਕ ਹੋਣਾ ਕਾਫੀ ਗਲਤ ਹੈ ਕਿਉਂਕਿ ਲਿਬਰਲ ਸਰਕਾਰ ਵੱਲੋਂ ਵਿਦੇਸ਼ੀ ਜਾਂ ਕਿਸੇ ਵੀ ਤਰ੍ਹਾਂ ਦੀ ਦਖ਼ਲ ਨੂੰ ਪਛਾਨਣ ਤੇ ਉਸ ਨਾਲ ਨਜਿੱਠਣ ਲਈ ਪੂਰਾ ਮੈਕੇਨਿਜ਼ਮ



ਕਾਇਮ ਕੀਤਾ ਗਿਆ ਸੀ।

ਟਰੂਡੋ ਨੇ ਇਹ ਵੀ ਆਖਿਆ ਕਿ ਖੁਫੀਆ ਜਾਣਕਾਰੀ ਦੇ ਇੱਕ ਨਿੱਕੇ ਜਿਹੇ ਟੁਕੜੇ ਦੇ ਅਧਾਰ ਉੱਤੇ ਵੱਡੇ ਸਿੱਟੇ ਕੱਢਣਾ ਸਹੀ ਨਹੀਂ, ਉਹ ਵੀ ਉਦੋਂ ਜਦੋਂ ਪੂਰੇ ਮਸੌਦੇ ਦੀ ਜਾਣਕਾਰੀ ਨਾ ਹੋਵੇ ਤੇ ਉਸ ਦੀ ਭਰੋਸੇਯੋਗਤਾ ਦਾ ਵਿਸ਼ਲੇਸ਼ਣ ਨਾ ਕੀਤਾ ਗਿਆ ਹੋਵੇ। ਜ਼ਿਕਰਯੋਗ ਹੈ ਕਿ ਪਿਛਲੀਆਂ ਦੋ ਜਨਰਲ ਚੋਣਾਂ ਵਿੱਚ ਵਿਦੇਸ਼ੀ ਦਖ਼ਲਅੰਦਾਜ਼ੀ ਬਾਰੇ ਮੀਡੀਆ ਨੂੰ ਜਾਰੀ ਕੀਤੀ ਗਈ ਅਣਪਛਾਤੀ ਜਾਣਕਾਰੀ ਕਾਰਨ ਹੀ ਇਹ ਮਸਲਾ ਕਾਫੀ ਭੱਖ ਗਿਆ ਤੇ ਇਸ ਲਈ ਪਬਲਿਕ ਜਾਂਚ ਕਰਵਾਉਣੀ ਪਈ। ...ਬਾਕੀ ਪੰਨਾ 2 'ਤੇ

ASIAN FOOD CENTRE
GRAND Opening SALE IN Guelph
www.afcgrocery.com
12TH APR TO 21ST APR 2024
Fresh Fruits, Vegetables, Indian & Canadian Grocery
SHER DESI STYLE ATTA $13.99
SWARNA WHOLE WHEAT ATTA $9.99
ALMONDS $3.99
GAY LEA UNSALTED BUTTER $4.99
INDIA GATE PREMIUM RICE $10.99
LAXMI EXTRA LONG BASMATI RICE $9.99
INDIA GATE HARROOZ RICE $7.99
SHER BESAN $4.99
SAVERA PANEER $4.99
PHAGWARA BROWN SUGAR $9.99
BRITANNIA CAKE RUSK $2.99
BRITANNIA SUJI RUSK $1.99
HALDIRAM ASSORTED SNACKS $1.49
SURATI ASSORTED SNACKS $1.99
DEEP GARLIC/TANDOORI NAAN $7.49
DABUR HONEY $7.99
SAVERA DESI GHEE $24.99
TAPAL DANEDAR TEA $8.99
WAGHBAKRI TEA $8.99
DEEP SNACKS (SELECTED ITEMS) $2.79
SHAREAT POOCHKA $4.49
HALDIRAM PANI PURI $3.99
HALDIRAM TANDOORI NAAN $4.99
HALDIRAM SOAN PAPDI $1.99
AASHIRVAAD PARATHA (EXCEPT PANEER) $1.49
POPULAR PARATHA $3.29
POPULAR PARATHA (FAMILY PACK) $6.99
THAKKAR ASSORTED PARATHA $1.49
WELCOME TO ASIAN FOOD CENTRE
12TH APR TO 21ST APR 2024
POPULAR SAMOSA/SPRING ROLLS $2.49
PAKISTANI ROOHAFZA $3.99
DEEP COCONUT MILK $1.99
PITTED DATES $5.99
BRITANNIA GOOD DAY $1.99
AAP KI PASANAD SOYA TIKKA CHAAP $3.99
FROOTI $1.49
DEEP KESAR MANGO PULP $2.99
SAVERA KHOYA $5.99
LAXMI GINGER GARLIC PASTE $3.99
DEEP PATRA $2.79
THAKKAR TANDOORI & GARLIC NAAN $2.29
TASTY EGGLESS CAKE RUSK $3.99
SAFFRON $2.79
BIKANERI COOKIES $6.49
DEEP ALOO TIKKI $2.99
DEEP FROZEN DOSA $2.79
SANTOSH NAAN $1.29
SAVERA RASMALAI $6.99
TASTY GUR/ATTA COOKIES $2.99
WHITE/BLACK CHANA $3.99
TOOR DAL $5.99
CHANA DAL $3.99
FREE!! WITH PURCHASE OF $100 GROCERY — PRESSURE COOKER (CLASSIC 3LTR)
FREE!! WITH PURCHASE OF $150 GROCERY — CELLO POT (2500 ML)
OFFER VALID FOR FIRST 100 CUSTOMER. TERMS & CONDITIONS APPLY
GRAND Opening SALE IN Guelph
ETOBICOKE 10 Westmore Dr. 416-740-3262
MISSISSAUGA 1075 Ceremonial Dr. 905-502-1600
BRAMPTON 621 Wanless Dr. 905-495-3336
BRAMPTON 2120 N Park Dr. 905-793-1338
BRAMPTON 80 Pertosa Dr. 905-460-0009
TOLL FREE 1-800-708-9232
BRAMPTON 40 Airport RD & Lacoste Blvd. 905-794-8109
BRAMPTON 10510 Torbram Rd. 905-790-0030
BRAMPTON 10 Pannahill Dr. 905-913-8017
GUELPH 340 Woodlawn Rd W 226-669-0004

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks / Credit Unions || Private Lenders || Second Mortgages-Lowest 6.99 %
The Mortgage Centre
Avon Financial
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

## ਅੱਜ ਨਾਮਾ

ਲੱਗਦਾ ਦੋਸ਼ ਇਹ ਬਹੁਤਾ ਸੀ ਭਾਜਪਾ'ਤੇ,
ਹਰ ਇੱਕ ਚੋਰ ਲਈ ਬਣੀ ਪਨਾਹ ਮੀਆਂ।
ਪਾਰਟੀ ਆਪ ਹੀ ਆਮ ਸੀ ਦੋਸ਼ ਲਾਉਂਦੀ,
ਭਾਜਪਾ ਕਰੀ ਜਾਂਦੀ ਔਹ ਤੇ ਆਹ ਮੀਆਂ।
ਵਿਖਾਈ ਮਾਸਾ ਵੀ ਝਿਜਕ ਨਾ ਭਾਜਪਾ ਨੇ,
ਛੱਡਿਆ ਮੂਲ ਨਹੀਂ ਆਪਣਾ ਰਾਹ ਮੀਆਂ।
ਪਾਰਟੀ ਆਪ ਵੀ ਲੱਗੀ ਕੁਝ ਚੋਰ ਪਾਲਣ,
ਭਾਜਪਾ ਵਾਂਗ ਲਈ ਵਰਤ ਸਲਾਹ ਮੀਆਂ।
ਮਿਹਣਾ ਦੇਂਦਾ ਨਹੀਂ ਕੋਈ ਅਕਾਲੀਆਂ ਨੂੰ,
ਕਾਂਗਰਸ ਵੱਲ ਵੀ ਬਹੁਤ ਆ ਚੋਰ ਮੀਆਂ।
ਪਾਰਟੀ ਆਪ ਕਿਉਂ ਪਾਪੀ ਹੈ ਲੈਣ ਲੱਗੀ,
ਇਹਦਾ ਅਕਸ ਤਾਂ ਹੁੰਦਾ ਸੀ ਹੋਰ ਮੀਆਂ।

**ਤੀਸ ਮਾਰ ਖਾਂ**

# ਹੈਮਿਲਟਨ ਬੰਦਰਗਾਹ ਉੱਤੇ ਮਿਲੀ ਲਾਸ਼, ਪੁਲਿਸ ਕਰ ਰਹੀ ਹੈ ਮਾਮਲੇ ਦੀ ਜਾਂਚ




ਹੈਮਿਲਟਨ, 10 ਅਪਰੈਲ (ਪੋਸਟ ਬਿਊਰੋ) : ਹੈਮਿਲਟਨ ਬੰਦਰਗਾਹ ਉੱਤੇ ਇੱਕ ਵਿਅਕਤੀ ਦੀ ਲਾਸ਼ ਮਿਲਣ ਤੋਂ ਬਾਅਦ ਹੈਮਿਲਟਨ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚਕਾਰਾਂ ਨੇ ਦੱਸਿਆ ਕਿ ਲਾਸ਼ 9 ਅਪਰੈਲ ਨੂੰ ਦੁਪਹਿਰੇ 2:30 ਵਜੇ ਤੋਂ ਬਾਅਦ ਪੀਅਰ 16 ਤੇ 17 ਦਰਮਿਆਨ ਮਿਲੀ। ਅਧਿਕਾਰੀਆਂ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਲਾਸ਼ ਕਿਸੇ ਮਨੁੱਖ ਦੀ ਸੀ ਤੇ ਪੁਲਿਸ ਵੱਲੋਂ ਸਮੁੰਦਰੀ ਕੰਢੇ ਦੇ ਨਾਲ ਨਾਲ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਇੱਕ ਹਫਤੇ ਦੇ ਅੰਦਰ ਅੰਦਰ ਇਹ ਦੂਜਾ ਮਾਮਲਾ ਹੈ ਜਦੋਂ ਕਿਸੇ ਵਿਅਕਤੀ ਦੀ ਲਾਸ਼ ਬੰਦਰਗਾਹ ਤੋਂ ਮਿਲੀ ਹੈ।

2 ਅਪਰੈਲ ਨੂੰ ਕੋਈ ਮਹਿਲਾ ਆਪਣੇ ਕੁੱਤੇ ਨਾਲ ਸਮੁੰਦਰ ਕਿਨਾਰੇ ਸੈਰ ਕਰ ਰਹੀ ਸੀ ਜਦੋਂ ਉਸ ਨੂੰ ਪੀਅਰ 4 ਪਾਰਕ ਦੇ ਅਖੀਰ ਉੱਤੇ ਇੱਕ ਵਿਅਕਤੀ ਬੇਸੁੱਧ ਪਿਆ ਮਿ-ਲਿਆ। ਪੁਲਿਸ ਵੱਲੋਂ ਮ੍ਰਿਤਕ ਦੀ ਪਛਾਣ 50 ਸਾਲਾ ਜੇਸਨ ਗੈਲੰਟ ਵਜੋਂ ਕੀਤੀ ਗਈ। ਪੁਲਿਸ ਨੇ ਇਹ ਵੀ ਦੱਸਿਆ ਕਿ ਇਸ ਵਿਅਕਤੀ ਨੂੰ ਪੁਲਿਸ ਜਾਣਦੀ ਸੀ। ਜਾਂਚਕਾਰਾਂ ਵੱਲੋਂ ਗੈਲੰਟ ਦੀ ਮੌਤ ਨੂੰ ਸ਼ੱਕੀ ਦੱਸਿਆ ਗਿਆ। ਪੁਲਿਸ ਵੱਲੋਂ ਇਹ ਨਹੀਂ ਦੱਸਿਆ ਗਿਆ ਕਿ ਮੰਗਲਵਾਰ ਨੂੰ ਮਿਲੀ ਲਾਸ਼ ਦਾ ਇਸ ਮਹੀਨੇ ਦੇ ਸ਼ੁਰੂ ਵਿੱਚ ਗੈਲੰਟ ਦੀ ਲਾਸ਼ ਮਿਲਣ ਦੇ ਮਾਮਲੇ ਨਾਲ ਕੋਈ ਸਬੰਧ ਸੀ ਜਾਂ ਨਹੀਂ।

# ਅਮਰੀਕਾ ਵਿਚ ਪੁਲਿਸ ਦੀ ਗੋਲੀਬਾਰੀ 'ਚ ਕਾਰ ਚਾਲਕ ਦੀ ਮੌਤ, 41 ਸਕਿੰਟਾਂ 'ਚ ਚੱਲੀਆਂ 96 ਗੋਲੀਆਂ



ਵਾਸ਼ਿੰਗਟਨ, 10 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਸ਼ਿਕਾਗੋ ਪੁਲਿਸ ਨੇ ਸਿਰਫ਼ 41 ਸਕਿੰਟਾਂ ਵਿੱਚ ਇੱਕ ਵਿਅਕਤੀ ਦੀ ਕਾਰ 'ਤੇ 96 ਗੋਲੀਆਂ ਚਲਾਈਆਂ। ਇਸ ਦੌਰਾਨ ਕਾਰ ਦੇ ਡਰਾਈਵਰ ਡੇਕ-ਸਟਰ ਰੀਡ ਦੀ ਮੌਤ ਹੋ ਗਈ। ਘਟਨਾ 21 ਮਾਰਚ ਦੀ ਦੱਸੀ ਜਾ ਰਹੀ ਹੈ। ਹਾਲਾਂਕਿ ਹੁਣ ਇਸ ਨਾਲ ਜੁੜਿਆ ਵੀਡੀਓ ਸਾਹਮਣੇ ਆਇਆ ਹੈ।

ਘਟਨਾ ਦੌਰਾਨ ਮੌਜੂਦ ਪੁਲਿਸ ਅਧਿਕਾਰੀ ਦੀ ਵਰਦੀ 'ਤੇ ਲੱਗੇ ਬਾਡੀ ਕੈਮਰੇ 'ਚ ਵੀਡੀਓ ਰਿਕਾਰਡ ਹੋ ਗਈ। ਇਸ 'ਚ 5 ਪੁਲਿਸ ਅਧਿਕਾਰੀਆਂ ਨੂੰ ਸਫੇਦ ਕਾਰ 'ਤੇ ਗੋਲੀਬਾਰੀ ਕਰਦੇ ਦੇਖਿਆ ਜਾ ਸਕਦਾ ਹੈ। ਗੋਲੀਆਂ ਦੀ ਆਵਾਜ਼ ਵੀ ਸੁਣਾਈ ਦੇ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਰੀਡ ਨੇ ਪਹਿਲਾਂ ਇੱਕ ਅਧਿਕਾਰੀ 'ਤੇ ਗੋਲੀਬਾਰੀ ਕੀਤੀ ਸੀ। ਜਵਾਬ 'ਚ ਹੋਰ ਅਧਿਕਾਰੀਆਂ ਨੇ ਗੋਲੀ ਚਲਾ ਦਿੱਤੀ। ਹਾਲਾਂਕਿ ਵੀਡੀਓ 'ਚ ਰੀਡ ਗੋਲੀਬਾਰੀ ਕਰਦੇ ਨਜ਼ਰ ਨਹੀਂ ਆ ਰਹੇ ਹਨ। ਪਰ ਉਸ ਦੀ ਕਾਰ ਵਿੱਚੋਂ ਬੰਦੂਕ ਬਰਾਮਦ ਹੋਈ।

ਜਾਣਕਾਰੀ ਮੁਤਾਬਕ ਰੀਡ ਨੇ ਗੱਡੀ ਚਲਾਉਂਦੇ ਸਮੇਂ ਸੀਟ ਬੈਲਟ ਨਹੀਂ ਲਗਾਈ ਹੋਈ ਸੀ, ਇਸ ਲਈ ਪੁਲਿਸ ਨੇ ਉਸ ਨੂੰ ਰੋਕ ਲਿਆ।

# ਨੇਪਾਲ 'ਚ ਫਿਰ ਉੱਠੀ ਹਿੰਦੂ ਰਾਸ਼ਟਰ ਦੀ ਮੰਗ, ਸੜਕਾਂ 'ਤੇ ਉਤਰੇ ਸੈਂਕੜੇ ਪ੍ਰਦਰਸ਼ਨਕਾਰੀ



ਕਾਠਮੰਡੂ, 10 ਅਪ੍ਰੈਲ (ਪੋਸਟ ਬਿਊਰੋ): ਨੇਪਾਲ ਵਿੱਚ ਹਿੰਦੂ ਰਾਸ਼ਟਰ ਦੀ ਮੰਗ ਇੱਕ ਵਾਰ ਫਿਰ ਤੇਜ਼ ਹੋ ਗਈ ਹੈ। ਰਾਜਧਾਨੀ ਕਾਠਮੰਡੂ ਦੀਆਂ ਸੜਕਾਂ 'ਤੇ ਸੈਂਕੜੇ ਪ੍ਰਦਰਸ਼ਨਕਾਰੀ ਇਸ ਲਈ ਨਾਅਰੇਬਾਜ਼ੀ ਕਰ ਰਹੇ ਹਨ। ਉਹ ਦੇਸ਼ ਵਿੱਚ ਮੁੜ ਰਾਜਸ਼ਾਹੀ ਲਾਗੂ ਕਰਨ ਦੀ ਮੰਗ ਕਰ ਰਹੇ ਹਨ। ਖ਼ਬਰਾਂ ਮੁਤਾਬਕ ਬੁੱਧਵਾਰ ਨੂੰ ਸੈਂਕੜੇ ਪ੍ਰਦਰਸ਼ਨਕਾਰੀ ਸੜਕਾਂ 'ਤੇ ਉਤਰ ਆਏ। ਉਹ ਪ੍ਰਧਾਨ ਮੰਤਰੀ ਦਫ਼ਤਰ ਅਤੇ ਹੋਰ ਸਰਕਾਰੀ ਦਫ਼ਤਰਾਂ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਦੀ ਪੁਲਿਸ ਨਾਲ ਝੜਪ ਵੀ ਹੋਈ। ਪੁਲਿਸ ਨੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਲਾਠੀਚਾਰਜ, ਅੱਥਰੂ ਗੈਸ ਅਤੇ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ। ਇਹ ਪ੍ਰਦਰਸ਼ਨ ਨੇਪਾਲ ਦੀ ਰਾਸ਼ਟਰੀ ਪ੍ਰਜਾਤੰਤਰ ਪਾਰਟੀ ਦੀ ਅਗਵਾਈ 'ਚ ਹੋ ਰਿਹਾ ਸੀ। ਇਸ ਦੌਰਾਨ ਲੋਕਾਂ ਨੇ ਨਾਅਰੇਬਾਜ਼ੀ ਕਰਦੇ ਹੋਏ ਕਿਹਾ ਕਿ ਅਸੀਂ ਆਪਣੇ ਦੇਸ਼ ਅਤੇ ਰਾਜੇ ਨੂੰ ਆਪਣੀ ਜਾਨ ਤੋਂ ਵੱਧ ਪਿਆਰ ਕਰਦੇ ਹਾਂ। ਗਣਰਾਜ ਨੂੰ ਖ਼ਤਮ ਕੀਤਾ ਜਾਵੇ ਅਤੇ ਦੇਸ਼ ਵਿੱਚ ਰਾਜਸ਼ਾਹੀ ਦੀ ਵਾਪਸੀ ਕੀਤੀ ਜਾਵੇ।


# ਪੰਜ ਸਿੰਘ ਸਾਹਿਬਾਨ ਦੇ ਆਦੇਸ਼ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਅਦਾਰਿਆਂ 'ਤੇ ਝੁਲਾਏ ਜਾਣਗੇ ਖਾਲਸਈ ਨਿਸ਼ਾਨ : ਐਡਵੋਕੇਟ ਧਾਮੀ

ਅੰਮ੍ਰਿਤਸਰ, 10 ਅਪ੍ਰੈਲ (ਗਿਆਨ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵਲੋਂ 325ਵੇਂ ਖ਼ਾਲਸਾ ਸਾਜਨਾ ਦਿਵਸ ਮੌਕੇ 13 ਅਪ੍ਰੈਲ 2024 ਨੂੰ ਹਰੇਕ ਸਿੱਖ ਨੂੰ ਆਪਣੇ ਘਰਾਂ ਉੱਤੇ ਖ਼ਾਲਸਈ ਨਿਸ਼ਾਨ ਸਾਹਿਬ ਝੁਲਾ ਕੇ ਕੌਮੀ ਜਾਹੋ ਜਲਾਲ ਦਾ ਪ੍ਰਗਟਾਵਾ ਕਰਨ ਦੇ ਆਦੇਸ਼ ਦਾ ਸਵਾਗਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੀਆਂ ਸੰਸਥਾਵਾਂ ਤੇ ਅਦਾਰਿਆਂ ਵਿਚ ਇਸ ਨੂੰ ਪੂਰਨ ਰੂਪ ਵਿੱਚ ਲਾਗੂ ਕਰਨ ਦੇ ਨਿਰਦੇਸ਼ ਜਾਰੀ ਕੀਤੇ ਹਨ।

ਐਡਵੋਕੇਟ ਧਾਮੀ ਨੇ ਆਖਿਆ ਕਿ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਦੀ ਵਿਸਾਖੀ ਵਾਲੇ ਦਿਨ ਖ਼ਾਲਸੇ ਦੀ ਸਾਜਣਾ ਕਰਕੇ ਜਿੱਥੇ ਸਿੱਖਾਂ ਨੂੰ ਇੱਕ ਵਿਲੱਖਣ ਅਤੇ ਨਿਰਾਲੀ ਪਛਾਣ ਦਿੱਤੀ ਉੱਥੇ ਹੀ ਸਮਾਜਿਕ ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਦੀ ਆਜ਼ਾਦੀ ਲਈ ਮਾਰਗ ਵੀ ਦਿਖਾਇਆ। ਇਸ ਮਹਾਨ ਦਿਹਾੜੇ ਦੇ 325ਵੇਂ ਸਾਲ ਮੌਕੇ ਕੌਮ ਨੂੰ ਪੰਜ ਸਿੰਘ ਸਾਹਿਬਾਨ ਵੱਲੋਂ ਖਾਲਸਈ ਜਲੌ ਦੇ ਪ੍ਰਗਟਾਵੇ ਲਈ ਆਦੇਸ਼ ਵੱਡੇ ਮਹੱਤਵ ਵਾਲਾ ਹੈ।

ਉਨ੍ਹਾਂ ਆਖਿਆ ਕਿ ਖ਼ਾਲਸਾ ਸਾਜਨਾ ਦਿਵਸ ਜਿੱਥੇ ਪੰਥ ਦਾ ਇਕ ਕੌਮੀ ਪ੍ਰਣ ਦਿਵਸ ਹੈ, ਉੱਥੇ ਇਹ ਸਾਡੀ ਕੌਮੀਅਤ ਦੀ ਮੌਲਿਕ ਵਿਲੱਖਣਤਾ, ਨਿਆਰੇਪਨ ਅਤੇ ਪਛਾਣ 'ਤੇ ਮੋਹਰ ਦਾ ਦਿਹਾੜਾ ਵੀ ਹੈ, ਜਿਸ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਵ-ਵਿਆਪੀ ਸਿੱਖ ਕੌਮ ਨੂੰ 13 ਅਪ੍ਰੈਲ 2024 ਨੂੰ ਆਪਣੇ ਘਰਾਂ ਉੱਪਰ ਖ਼ਾਲਸਈ ਨਿਸ਼ਾਨ ਝੁਲਾਉਣ ਦਾ ਆਦੇਸ਼ ਸਿੱਖ ਕੌਮ ਅੰਦਰ ਉਤਸ਼ਾਹ ਅਤੇ ਜਾਹੋ-ਜਲਾਲ ਪੈਦਾ ਕਰੇਗਾ।ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਦਿਨ ਸ਼੍ਰੋਮਣੀ ਗੁਰ-ਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਾਲੀਆਂ ਸੰਸਥਾਵਾਂ ਅਤੇ ਅਦਾਰਿਆਂ ਵਿੱਚ ਖ਼ਾਲਸਈ ਨਿਸ਼ਾਨ ਸਾਹਿਬ ਝੁਲਾਏ ਜਾਣਗੇ। ਉਨ੍ਹਾਂ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਪੰਜ ਸਿੰਘ ਸਾਹਿਬਾਨ ਦੇ ਆਦੇਸ਼ ਦਾ ਪਾਲਣ ਕਰਦਿਆਂ ਹਰ ਸਿੱਖ ਇਸ 'ਤੇ ਅਮਲ ਜ਼ਰੂਰ ਕਰੇ।

# ਉਦਯੋਗਿਕ ਸਪਿਰਿਟ ਅਤੇ ਮਿਥੇਨੌਲ ਦੀ ਅਣਅਧਿਕਾਰਤ ਵਿਕਰੀ ਅਤੇ ਸਪਲਾਈ ਨਹੀਂ ਬਰਦਾਸ਼ਤ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਅਪ੍ਰੈਲ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਸ਼੍ਰੀਮਤੀ ਆਸ਼ਿਕਾ ਜੈਨ ਨੇ ਨਕਲੀ ਸ਼ਰਾਬ ਦੇ ਸੇਵਨ ਕਾਰਨ ਹੋਣ ਵਾਲੀ ਕਿਸੇ ਵੀ ਦੁਰਘਟਨਾ ਨੂੰ ਅਗਾਊਂ ਟਾਲਣ ਲਈ ਜ਼ਿਲ੍ਹੇ ਵਿੱਚ ਇੰਡਸਟਰੀਅਲ ਸਪਿਰਟ ਅਤੇ ਮਿਥੇਨੌਲ ਦੀ ਅਣਅਧਿਕਾਰਤ ਵਿਕਰੀ ਅਤੇ ਸਪਲਾਈ 'ਤੇ ਸਖ਼ਤ ਨਜ਼ਰ ਰੱਖਣ ਲਈ ਕਿਹਾ ਹੈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ.ਨਗਰ, ਮੁਹਾਲੀ ਵਿਖੇ ਉਦਯੋਗਿਕ ਸਪਿਰਟ, ਮਿਥੇਨੌਲ ਅਤੇ ਨਵੇਂ ਅਲਾਟ ਕੀਤੇ ਗਏ ਸ਼ਰਾਬ ਦੇ ਠੇਕਿਆਂ ਦੇ ਲਾਇਸੰਸਧਾਰਕਾਂ ਅਤੇ ਜ਼ਿਲ੍ਹੇ ਦੀਆਂ ਡਿਸਟਿਲਰੀਆਂ, ਬਰੂਅਰੀਆਂ ਅਤੇ ਬੋਟਲਿੰਗ ਪਲਾਂਟਾਂ ਦੇ ਨੁਮਾਇੰਦਿਆਂ ਦੀ ਮੀਟਿੰਗ ਕਰਦੇ ਹੋਏ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਰੇ ਭਾਗੀਦਾਰ ਇਸ ਗੱਲ ਦਾ ਧਿਆਨ ਰੱਖਣ। ਇਨ੍ਹਾਂ ਸਭ ਦੀ ਵਿਕਰੀ, ਸਪਲਾਈ ਅਤੇ ਸਟਾਕ ਨਿਗਰਾਨੀ ਦੇ ਅਧੀਨ ਹੈ ਅਤੇ ਉਲੰਘਣਾ ਲਈ ਦੋਸ਼ੀ ਪਾਏ ਜਾਣ 'ਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

# ਖੁਫੀਆ ਜਾਣਕਾਰੀ ਦਾ ਸਨਸਨੀਕਰਨ ਕੀਤੇ ਜਾਣ 'ਤੇ ਟਰੂਡੋ ਨੇ ਪ੍ਰਗਟਾਈ ਚਿੰਤਾ

ਪੰਨਾ 1 ਦਾ ਬਾਕੀ

ਟਰੂਡੋ ਨੇ ਬੁੱਧਵਾਰ ਨੂੰ ਆਖਿਆ ਕਿ ਜਿਸ ਕਿਸੇ ਨੇ ਵੀ ਇਹ ਜਾਣਕਾਰੀ ਲੀਕ ਕੀਤੀ ਉਸ ਤੋਂ ਬਾਅਦ ਸਨਸਨੀਖੇਜ ਢੰਗ ਨਾਲ ਛਪੀਆਂ ਮੀਡੀਆ ਖਬਰਾਂ ਕਾਰਨ ਮਾਮਲਾ ਹੋਰ ਉਲਝ ਗਿਆ। ਟਰੂਡੋ ਦੇ ਮੰਤਰੀ ਮੰਡਲ ਦੇ ਮੈਂਬਰਾਂ, ਸਿਆਸੀ ਪਾਰਟੀ ਦੇ ਨੁਮਾਇੰਦਿਆਂ, ਸੀਨੀਅਰ ਬਿਊਰਕ੍ਰੈਟਸ ਤੇ ਖੁਫੀਆ ਅਧਿਕਾਰੀਆਂ ਵੱਲੋਂ ਕਈ ਦਿਨਾਂ ਤੱਕ ਗਵਾਹੀਆਂ ਦਿੱਤੇ ਜਾਣ ਤੋਂ ਬਾਅਦ ਟਰੂਡੋ ਬੁੱਧਵਾਰ ਨੂੰ ਪੇਸ਼ ਹੋਏ। ਇਸ ਸੁਣਵਾਈ ਦੌਰਾਨ ਪ੍ਰਧਾਨ ਮੰਤਰੀ ਨੇ ਉਨ੍ਹਾਂ ਸਾਰੇ ਮਾਪਦੰਡਾਂ ਦੀ ਸੂਚੀ ਜਾਰੀ ਕੀਤੀ ਜਿਹੜੇ ਉਨ੍ਹਾਂ ਦੀ ਸਰਕਾਰ ਵੱਲੋਂ 2015 ਵਿੱਚ ਸੱਤਾ ਵਿਚ ਆਉਣ ਤੋਂ ਬਾਅਦ ਤੋਂ ਅਪਣਾਏ ਤੇ ਲਾਗੂ ਕੀਤੇ ਗਏ ਸਨ।

ਜ਼ਿਕਰਯੋਗ ਹੈ ਕਿ ਇਨਕੁਆਰੀ ਦੌਰਾਨ ਪਹਿਲਾਂ ਹੀ ਇਹ ਦੱਸਿਆ ਜਾ ਚੁੱਕਿਆ ਹੈ ਕਿ ਕੁੱਝ ਅਪੁਸ਼ਟ ਖਬਰਾਂ ਤੋਂ ਸਾਹਮਣੇ ਆਇਆ ਸੀ ਕਿ ਚੀਨ ਤੇ ਕੁੱਝ ਹੋਰ ਮੁਲਕ ਕੈਨੇਡੀਅਨ ਚੋਣਾਂ ਵਿੱਚ ਦਖ਼ਲਅੰਦਾਜ਼ੀ ਕਰ ਰਹੇ ਹਨ ਪਰ ਇਸ ਬਾਰੇ ਹੁਣ ਤੱਕ ਬਹੁਤ ਘੱਟ ਸਬੂਤ ਮਿਲੇ ਹਨ ਜਿਨ੍ਹਾਂ ਤੋਂ ਇਹ ਸਿੱਧ ਹੋ ਸਕੇ ਕਿ ਅਜਿਹੇ ਮੁਲਕ ਆਪਣੇ ਕੰਮ ਵਿੱਚ ਸਫਲ ਹੋਏ ਜਾਂ ਨਹੀਂ।

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
Vehicle Registration (Approved by CA DMV)
• Vin Verification
Other Services
• Live Scan / Fingerprints
• Covered California.
• Drug Testing • Alcohol Test
• Notary Services
• International Driver Lic.
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ShergGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਐੱਸ.ਏ.ਐੱਸ. ਨਗਰ ਵੱਲੋ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਬੱਸਾਂ ਦੀ ਚੈਕਿੰਗ ਕੀਤੀ ਗਈ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 10 ਅਪ੍ਰੈਲ (ਗਿਆਨ ਸਿੰਘ): ਜ਼ਿਲ੍ਹਾ ਐੱਸ.ਏ.ਐੱਸ. ਨਗਰ ਵਿੱਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਡਿਪਟੀ ਕਮਿਸ਼ਨਰ, ਐਸ.ਏ.ਐਸ. ਨਗਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਜ਼ਿਲ੍ਹਾ ਪੱਧਰੀ ਸੇਫ ਸਕੂਲ ਵਾਹਨ ਕਮੇਟੀ ਵੱਲੋਂ ਸਕੂਲੀ ਬੱਸਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਸਬੰਧ ਵਿੱਚ ਗੱਲ ਕਰਦਿਆਂ ਹੋਇਆਂ ਨਵਪ੍ਰੀਤ ਕੌਰ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਐਸ.ਏ.ਐਸ. ਨਗਰ ਨੇ ਦੱਸਿਆ ਕਿ ਸਕੂਲ ਪ੍ਰਸ਼ਾਸ਼ਨ ਦੁਆਰਾ ਸਕੂਲੀ ਵਾਹਨਾਂ ਦੀ ਪੰਜਾਬ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਇੰਨ ਬਿੰਨ ਪਾਲਣਾ ਯਕੀਨੀ ਬਣਾਈ ਜਾਣੀ ਲਾਜ਼ਮੀ ਹੈ। ਇਸ ਮੰਤਵ ਤਹਿਤ ਟੀਮ ਦੁਆਰਾ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਇੰਸਪੈਕਸ਼ਨ ਟੀਮ ਵਿੱਚੋਂ ਨਵਪ੍ਰੀਤ ਕੌਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਜਨਕ ਰਾਜ (ਇੰਚਾਰਜ ਟਰ੍ਰੈਫਿਕ ਐਜੂਕੇਸ਼ਨ), ਅਤੇ ਐਜੂਕੇਸ਼ਨ ਡਿਪਾਰਟਮੈਂਟ ਜਸਵੀਰ ਸਿੰਘ ਦੁਆਰਾ ਵਿਦਿਆ ਵੈਲੀ ਸਕੂਲ, ਸੈਕਟਰ 123, ਸੰਨੀ ਐਨਕਲੇਵ ਖਰੜ, ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ।

ਇਸ ਦੌਰਾਨ ਵਿਦਿਆ ਵੈਲੀ ਸਕੂਲ ਦੀਆਂ 9 ਬੱਸਾਂ ਦੀ ਚੈਕਿੰਗ ਕੀਤੀ ਗਈ ਅਤੇ 5 ਬੱਸਾ ਦੇ ਚਲਾਨ ਵੀ ਕੀਤੇ ਗਏ। ਇਸੇ ਦੌਰਾਨ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਸੰਬੰਧੀ ਬੱਸਾਂ ਦੇ ਡਰਾਇਵਰਾਂ ਅਤੇ ਲੇਡੀ ਅਟੈਂਡੈਟ ਨੂੰ ਜਾਣੂ ਕਰਵਾਇਆ ਗਿਆ ਅਤੇ ਸਕੂਲ ਦੇ ਬੱਚਿਆਂ ਨੂੰ ਟਰੈਫਿਕ ਰੂਲਜ ਬਾਰੇ ਜਾਣਕਾਰੀ ਦਿੱਤੀ ਗਈ।

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ, ਐਸ.ਏ.ਐਸ. ਨਗਰ ਦੁਆਰਾ ਦੱਸਿਆ ਗਿਆ ਕਿ ਇਹ ਚੈਕਿੰਗ ਲਗਾਤਾਰਤਾ ਵਿੱਚ ਕੀਤੀ ਜਾਵੇਗੀ ਤਾਂ ਜੋ ਸਕੂਲ ਪ੍ਰਬੰਧਕਾਂ ਦੁਆਰਾ ਸੇਫ ਸਕੂਲ ਵਾਹਨ ਪਾਲਿਸੀ ਦੀਆ ਸ਼ਰਤਾਂ ਦੀ ਪੂਰਨ ਤੌਰ ਤੇ ਪਾਲਣਾ ਯਕੀਨੀ ਬਣਾਈ ਜਾ ਸਕੇ।

Tech Spirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਿਉਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

You can Place Your Business Here To Reach Wider Audience
(905)793-2202
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਚੋਣ ਮੈਨੀਫੈਸਟੋ: ਗਰੰਟੀਆਂ ਦਾ ਦੌਰ




-ਗੁਰਮੀਤ ਸਿੰਘ ਪਲਾਹੀ-

ਲੋਕ ਸਭਾ ਚੋਣਾਂ-2024 ਲਈ ਇੰਡੀਅਨ ਨੈਸ਼ਨਲ ਕਾਂਗਰਸ ਨੇ ਆਪਣਾ ਚੋਣ ਮੈਨੀਫੈਸਟੋ ਜਨਤਾ ਸਾਹਮਣੇ ਰੱਖ ਦਿੱਤਾ ਹੈ। ਭਾਰਤੀ ਜਨਤਾ ਪਾਰਟੀ ਤਾਂ ਪਹਿਲਾਂ ਹੀ ਲੋਕਾਂ ਨੂੰ ਗਰੰਟੀਆਂ ਦੇ ਰਹੀ ਹੈ, ਪ੍ਰਚਾਰ ਕਰ ਰਹੀ ਹੈ। ਭਾਜਪਾ ਵਿਕਾਸ ਅਤੇ ਤਬਦੀਲੀ ਸਬੰਧੀ ਵੱਡੇ ਦਾਅਵੇ ਪੇਸ਼ ਕਰ ਰਹੀ ਹੈ। ਦੇਸ਼ ਦੀਆਂ ਕੌਮੀ ਸਿਆਸੀ ਪਾਰਟੀਆਂ ਅਤੇ ਇਲਾਕਾਈ ਦਲ ਵੀ ਆਪਣੇ ਚੋਣ ਘੋਸ਼ਣਾ ਪੱਤਰ ਜਾਰੀ ਕਰ ਰਹੇ ਹਨ।

ਇੰਡੀਅਨ ਨੈਸ਼ਨਲ ਕਾਂਗਰਸ ਦੇ ਚੋਣ ਮੈਨੀਫੈਸਟੋ ਦਾ ਸ਼ਿੰਗਾਰ, "ਪੰਜ ਇਨਸਾਫ" ਅਤੇ ਪੱਚੀ ਵਾਅਦੇ ਹਨ। ਇਸ ਘੋਸ਼ਣਾ ਪੱਤਰ ਵਿੱਚ ਨੌਜਵਾਨਾਂ ਲਈ ਇਨਸਾਫ, ਨਾਰੀ ਲਈ ਇਨਸਾਫ, ਕਿਸਾਨਾਂ ਲਈ ਇਨਸਾਫ, ਮਜ਼ਦੂਰਾਂ ਲਈ ਇਨਸਾਫ ਅਤੇ ਹਿੱਸੇਦਾਰੀ ਦਾ ਇਨਸਾਫ ਮੁੱਖ ਥੰਮ ਹਨ। ਇਹਨਾਂ ਪੰਜਾਂ ਥੰਮਾਂ ਦੇ ਅੰਦਰ ਹੀ ਪੰਜ ਗਰੰਟੀਆਂ ਸ਼ਾਮਲ ਹਨ।

ਕਾਂਗਰਸ ਨੇ ਸਪੱਸ਼ਟ ਕੀਤਾ ਹੈ ਕਿ ਉਹ ਇੱਕ ਰਾਸ਼ਟਰੀ, ਇੱਕ ਚੋਣ ਦੇ ਹੱਕ 'ਚ ਨਹੀਂ। ਉਹ ਲੋਕਤੰਤਰ ਬਚਾਉਣ ਲਈ ਸੰਘਰਸ਼ ਕਰਦੀ ਰਹੇਗੀ। ਉਹ ਨਫ਼ਰਤੀ ਸਿਆਸਤ ਉਤੇ ਰੋਕ ਲਗਾਏਗੀ।

ਕਾਂਗਰਸ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਉਸਦਾ ਘੋਸ਼ਣਾ ਪੱਤਰ ਕੰਮ, ਦੌਲਤ ਅਤੇ ਭਲਾਈ ਲਈ ਸਰਕਾਰੀ ਸਕੀਮਾਂ ਦੇ ਵੱਧ ਤੋਂ ਵੱਧ ਫਾਇਦੇ ਲੋਕਾਂ ਨੂੰ ਦੇਣ ਦਾ ਯਤਨ ਕਰੇਗੀ। ਕਾਂਗਰਸ ਨੇ ਲੋਕਾਂ ਨੂੰ ਯਕੀਨ ਦਵਾਇਆ ਹੈ ਕਿ ਉਹ ਈ.ਡੀ., ਸੀ.ਬੀ.ਆਈ., ਪੁਲਿਸ 'ਤੇ ਛਿਕੰਜਾ ਕਸੇਗੀ ਅਤੇ ਸਖ਼ਤੀ ਨਾਲ ਕਾਨੂੰਨ ਦੇ ਅਨੁਸਾਰ ਕੰਮ ਕਰਨ ਲਈ ਉਹਨਾ ਨੂੰ ਕਹੇਗੀ। ਉਹ ਦਲਬਦਲ ਨੂੰ ਨੱਥ ਪਾਏਗੀ ਅਤੇ ਦਲਬਦਲ ਕਰਨ 'ਤੇ ਖ਼ੁਦ ਸੰਸਦ ਅਤੇ ਵਿਧਾਨ ਸਭਾ ਦੀ ਮੈਂਬਰੀ ਖ਼ਤਮ ਹੋਣ ਦਾ ਕਾਨੂੰਨ ਪਾਸ ਕਰੇਗੀ। ਫ਼ਸਲਾਂ ਲਈ ਘੱਟੋ-ਘੱਟ ਮੁੱਲ, ਜਾਤੀ ਗਣਨਾ ਅਤੇ ਗਰੀਬ ਔਰਤਾਂ ਲਈ ਇੱਕ ਲੱਖ ਰੁਪਏ ਅਤੇ ਮਗਨਰੇਗਾ ਮਜ਼ਦੂਰਾਂ ਲਈ 400 ਰੁਪਏ ਦਿਹਾੜੀ, 25 ਲੱਖ ਰੁਪਏ ਤੱਕ ਸਭ ਲਈ ਮੁਫ਼ਤ ਇਲਾਜ, ਬਜ਼ੁਰਗਾਂ ਲਈ ਰੇਲਵੇ 'ਚ ਰਿਆਇਤ ਆਦਿ ਸਹੂਲਤਾਂ ਦਾ ਵਾਅਦਾ ਇਸ ਘੋਸ਼ਣਾ ਪੱਤਰ 'ਚ ਸ਼ਾਮਲ ਹੈ।

ਭਾਜਪਾ ਦੀਆਂ ਗਰੰਟੀਆਂ ਵਿੱਚ ਸਾਰਿਆਂ ਲਈ ਘਰ, ਸੌ ਫ਼ੀਸਦੀ ਬਿਜਲੀਕਰਨ, 5 ਲੱਖ ਦਾ ਮੁਫ਼ਤ ਇਲਾਜ ਆਦਿ ਸ਼ਾਮਲ ਹਨ। ਇੱਕ ਦੇਸ਼, ਇੱਕ ਚੋਣ ਭਾਜਪਾ ਦਾ ਵਾਇਦਾ ਹੈ। ਭਾਜਪਾ ਦਾ ਸੰਕਲਪ ਰਾਸ਼ਟਰੀ ਸੁਰੱਖਿਆ, ਸੀਮਾ ਸੁਰੱਖਿਆ, ਆਤੰਕਵਾਦ ਦਾ ਖ਼ਾਤਮਾ, ਕਿਸਾਨ ਕਲਿਆਣ ਦਾ ਤਾਂ ਰਿਹਾ ਹੀ ਹੈ, 370 ਦੇ ਖ਼ਾਤਮੇ, ਨਾਗਰਿਕਤਾ ਸੋਧ ਬਿੱਲ ਲਾਗੂ ਕਰਨ ਸਮੇਤ ਧਾਰਾ 370 ਖ਼ਤਮ ਕਰਨਾ ਵੀ ਰਿਹਾ ਹੈ।

ਦੇਸ਼ ਦੀ ਹਾਕਮ ਧਿਰ ਅਤੇ ਪ੍ਰਮੁੱਖ ਵਿਰੋਧੀ ਧਿਰ ਕਾਂਗਰਸ ਵਲੋਂ ਪਿਛਲੇ 77 ਸਾਲ ਤੋਂ ਦੇਸ਼ ਉਤੇ ਰਾਜ ਕੀਤਾ ਜਾ ਰਿਹਾ ਹੈ। ਇਸ ਸਮੇਂ ਦੌਰਾਨ ਆਮ ਤੌਰ ਤੇ ਗਰੀਬਾਂ ਦੇ ਕਲਿਆਣ ਲਈ ਯੋਜਨਾਵਾਂ ਵੱਡੇ ਪੱਧਰ ਉਤੇ ਉਲੀਕੀਆਂ ਗਈਆਂ ਹਨ। ਇਹ ਯੋਜਨਾਵਾਂ ਗਰੀਬ ਲੋਕਾਂ ਤੱਕ ਪਹੁੰਚਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਗਾਇਆ ਦੱਸਿਆ ਜਾ ਰਿਹਾ ਹੈ, ਕਿਉਂਕਿ ਗਰੀਬ ਲੋਕ ਹੀ ਅਸਲ 'ਚ ਉਹਨਾ ਦੇ ਨਿਸ਼ਾਨੇ 'ਤੇ ਹਨ, ਕਿਉਂਕਿ ਉਹਨਾ ਨੂੰ ਹੀ ਉਹ ਮੁੱਖ ਰੂਪ 'ਚ ਆਪਣੇ ਵੋਟਰ ਗਿਣਦੇ ਹਨ।

ਪਰ ਸਵਾਲ ਉੱਠਦਾ ਹੈ ਕਿ ਦੇਸ਼ ਦੀਆਂ ਵੱਡੀਆਂ ਪਾਰਟੀਆਂ ਵਲੋਂ ਕੀਤੇ ਵੱਡੇ ਵਾਇਦੇ ਕੀ ਲੋਕਾਂ ਦੀ ਆਮ ਜ਼ਿੰਦਗੀ ਸੁਧਾਰ ਸਕੇ ਹਨ? ਗਰੀਬੀ, ਭੁੱਖਮਰੀ, ਬੇਰਜ਼ੁਗਾਰੀ, ਵਰਗੇ ਸ਼ਬਦਾਂ ਨੂੰ ਤਾਂ ਦੇਸ਼ ਦੇ ਲੋਕ ਇੱਕ ਗਹਿਣੇ ਵਜੋਂ ਪਹਿਨਣ ਲਈ ਮਜ਼ਬੂਰ ਹੀ ਹੋ ਚੁੱਕੇ ਹਨ।

ਇੱਕ ਚੋਟੀ ਦੇ ਪੱਤਰਕਾਰ ਵਲੋਂ ਕੀਤਾ ਗਿਆ ਇੱਕ ਸਧਾਰਨ ਜਿਹਾ ਸਰਵੇ ਅੱਖਾਂ ਖੋਹਲਣ ਵਾਲਾ ਹੈ। ਇਹ ਪੱਤਰਕਾਰ ਕਹਿੰਦੀ ਹੈ ਕਿ ਜਦ ਮੈਂ ਲੋਕਾਂ ਤੋਂ ਪੁੱਛਿਆ ਕਿ ਸਰਕਾਰੀ ਯੋਜਨਾਵਾਂ ਤੋਂ ਉਹਨਾ ਨੂੰ ਕਿਹੋ ਜਿਹੇ ਲਾਭ ਮਿਲੇ ਹਨ ਤਾਂ ਉਹਨਾ ਨੇ ਕਿਹਾ ਕਿ ਉਜਵਲਾ ਯੋਜਨਾ ਦੇ ਤਹਿਤ ਉਹਨਾ ਨੂੰ ਗੈਸ ਦੇ ਚੁੱਲ੍ਹੇ ਤਾਂ ਮਿਲੇ ਹਨ, ਲੇਕਿਨ ਇੱਕ ਸਿਲੰਡਰ ਅੱਜ 900 ਰੁਪਏ ਦਾ ਹੋ ਗਿਆ, ਜਿਸਨੂੰ ਖਰੀਦਣ ਲਈ ਉਹਨਾ ਦੀ ਔਕਾਤ ਨਹੀਂ ਰਹੀ। ਲੋਕ ਹਾਲੇ ਵੀ ਲਕੜੀਆਂ ਨਾਲ ਪੁਰਾਣੇ ਚੁਲ੍ਹਿਆਂ 'ਤੇ ਖਾਣਾ ਪਕਾਉਂਦੇ ਹਨ।

ਹਰ ਇੱਕ ਲਈ ਮਕਾਨ ਦੀ ਗੱਲ ਤਾਂ ਦੇਸ਼ ਦੀ ਹਰ ਪਾਰਟੀ ਕਰਦੀ ਹੈ, ਪਰ ਵੱਡੇ ਸ਼ਹਿਰਾਂ ਨੂੰ ਪਹੁੰਚਦੀਆਂ ਰੇਲਵੇ ਲਾਈਨਾਂ ਦੇ ਦੋਵੇਂ ਪਾਸੇ ਦੇਖੋ, ਜਿਥੇ ਘਰ ਧਰਤੀ ਉਤੇ ਨਹੀਂ ਕੂੜੇ ਉਤੇ ਬਣਾਏ ਹੋਏ ਹਨ, ਉਹ ਵੀ ਕਬਾੜਾ ਪਲਾਸਟਿਕ ਦੀਆਂ ਸ਼ੀਟਾਂ ਅਤੇ ਫਟੇ ਪੋਸਟਰਾਂ ਤੋਂ।

ਮਕਾਨਾਂ ਦੇ ਨਾਲ ਟਾਇਲਟ ਦੀ ਗੱਲ ਤਾਂ ਦੂਰ ਦੀ ਹੈ, ਇਥੇ ਵਸਦੇ ਲੋਕਾਂ ਲਈ ਪਾਣੀ ਦੀ ਉਪਲੱਬਧਤਾ ਹੀ ਅਤਿਅੰਤ ਔਖੀ ਹੈ। ਯੂਨੀਸੈਫ ਨੇ 18 ਮਾਰਚ 2021 ਨੂੰ ਇੱਕ ਰਿਪੋਰਟ ਜਾਰੀ ਕੀਤੀ ਸੀ, ਜਿਸ ਅਨੁਸਾਰ ਭਾਰਤ ਦੇ 9.14 ਕਰੋੜ ਲੋਕ ਪਾਣੀ ਦੇ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਹਨ ਅਤੇ ਭਾਰਤ ਉਹਨਾ 37 ਦੇਸ਼ਾਂ ਵਿੱਚ ਸ਼ਾਮਲ ਹੈ, ਜਿਥੇ ਪਾਣੀ ਦਾ ਸੰਕਟ ਅਤਿਅੰਤ ਗੰਭੀਰ ਹੈ। ਦੇਸ਼ 'ਚ ਸਿਹਤ ਸਹੂਲਤਾਂ ਦੀ ਕਮੀ ਦਾ ਪ੍ਰਤੱਖ ਸਬੂਤ ਤਾਂ ਅਸੀਂ ਕਰੋਨਾ ਸਮੇਂ ਵੇਖ ਹੀ ਚੁਕੇ ਹਾਂ।

ਅੱਜ ਜਦੋਂ ਭਾਰਤ ਵਿੱਚ ਵਿਦੇਸ਼ੀ ਕੰਪਨੀਆਂ ਦਾ ਪਸਾਰਾ ਵੱਧ ਰਿਹਾ ਹੈ। ਅਰਾਮਦੇਹ ਲਗਜ਼ਰੀ ਚੀਜ਼ਾਂ ਦੀ ਵਰਤੋਂ ਦੀ ਦੌੜ, ਅਮੀਰ ਤੇ ਵਿਚਕਾਰਲੇ ਵਰਗ ਦੀ ਲੱਗੀ ਹੋਈ ਹੈ, ਤਾਂ ਇਵੇਂ ਲਗਦਾ ਹੈ ਕਿ ਦੇਸ਼ ਬਦਲ ਰਿਹਾ ਹੈ, ਵਿਕਾਸ ਕਰ ਰਿਹਾ ਹੈ, ਪਰ ਤਸਵੀਰ ਦਾ ਦੂਸਰਾ ਪਾਸਾ ਧੁੰਦਲਾ ਨਹੀਂ, ਕਾਲਾ ਹੈ। ਇਸ ਸਬੰਧ ਵਿੱਚ ਦੇਸ਼ ਦੀਆਂ ਸਿਆਸੀ ਪਾਰਟੀਆਂ ਦੇ ਘੋਸ਼ਣਾ ਪੱਤਰ ਚੁੱਪੀ ਵੱਟੀ ਬੈਠੇ ਹਨ।

ਦੇਸ਼ ਦੀਆਂ ਸਿਆਸੀ ਪਾਰਟੀਆਂ ਪਹਿਲਾਂ ਤਾਂ ਆਪਣੇ ਘੋਸ਼ਣਾ ਪੱਤਰਾਂ ਵਿੱਚ ਵਾਇਦੇ ਕਰਦੀਆਂ ਸਨ, ਲੋਕ ਭਲਾਈ ਸਕੀਮਾਂ ਲਾਗੂ ਕਰਨ ਦੇ ਵਚਨ ਦਿੰਦੀਆਂ ਸਨ, ਪਰ ਹੁਣ ਤਾਂ ਗਰੰਟੀਆਂ ਦਾ ਦੌਰ ਸ਼ੁਰੂ ਹੋ ਗਿਆ ਹੈ, ਜਿਵੇਂ ਉਹ ਆਪਣੇ ਉਤਪਾਦ ਵੇਚ ਰਹੀਆਂ ਹੋਣ। ਉਂਜ ਵੇਖਣ, ਵਾਚਣ ਦੀ ਗੱਲ ਤਾਂ ਇਹ ਹੈ ਕਿ ਨਿੱਜੀਕਰਨ, ਵਪਾਰੀਕਰਨ ਦੇ ਦੌਰ ਵਿੱਚ ਮਾਲ ਵੇਚਣ ਲਈ ਤਿੱਖੇ ਪ੍ਰਚਾਰ ਸਾਧਨਾਂ ਦੀ ਲੋੜ ਵੀ ਪੈਣੀ ਹੀ ਸੀ, ਸੋ ਸਿਆਸੀ ਪਾਰਟੀਆਂ ਆਪਣੇ ਗਾਹਕਾਂ (ਵੋਟਰਾਂ) ਨੂੰ ਗਰੰਟੀਆਂ ਦੇ ਕੇ ਰਾਜ ਸੰਘਾਸਨ 'ਤੇ ਬੈਠਣ ਦਾ ਰਾਸਤਾ ਅਪਨਾ ਚੁੱਕੀਆਂ ਹਨ। ਸਿਆਸਤ ਵਿਚੋਂ ਲੋਕ ਸੇਵਾ ਤਾਂ ਜਿਵੇਂ ਹੁਣ ਮਨਫ਼ੀ ਹੋ ਗਈ ਹੈ, ਗਰੰਟੀਆਂ ਦੇ ਵਰਤਾਰੇ ਨਾਲ।

ਚੋਣਾਂ 'ਚ ਵਪਾਰੀਕਰਨ ਦੇ ਦੌਰ ਨੇ ਜਿਥੇ ਸਿੱਖਿਆ ਦਾ ਮੰਤਵ ਬਦਲ ਦਿੱਤਾ, ਅਤੇ ਇਸਨੂੰ ਜਿਵੇਂ ਵਪਾਰ ਤੱਕ ਸੀਮਤ ਕਰ ਦਿੱਤਾ ਹੈ, ਇਵੇਂ ਹੀ ਮਨੁੱਖ ਦੀਆਂ ਭਾਸ਼ਾਵਾਂ, ਜੋ ਉਸਦੇ ਵਿਅਕਤੀਤਵ ਦੇ ਉਭਾਰ ਲਈ ਜ਼ਰੂਰੀ ਸਮਝੀਆਂ ਜਾਂਦੀਆਂ ਸਨ, ਉਸ ਉਤੇ ਵੀ ਟੋਕਾ ਫੇਰ ਦਿੱਤਾ ਹੈ। ਭਾਸ਼ਾਵਾਂ ਨੂੰ ਕਾਰੋਬਾਰ ਦੀ ਭਾਸ਼ਾ ਨਾਲ ਜੋੜਕੇ, ਖਿੱਤਿਆਂ ਦੇ ਸਭਿਆਚਾਰ ਨੂੰ ਖੋਰਾ ਲਾਉਣ ਦੀ ਸੋਚੀ ਸਮਝੀ ਸਾਜ਼ਿਸ਼ ਰਚੀ ਗਈ ਹੈ। ਮਨੁੱਖ ਹੱਥੋਂ ਰੁਜ਼ਗਾਰ ਖੋਹਕੇ ਮੁਫ਼ਤ ਅਨਾਜ, ਸਹੂਲਤਾਂ ਦੇਣ ਦਾ ਵਰਤਾਰਾ "ਲੋਕ ਭਲਾਈ" ਦੇ ਪੱਲੇ ਸਿਆਸਤਦਾਨਾਂ ਤੇ ਸਿਆਸੀ ਪਾਰਟੀਆਂ ਨੇ ਬੰਨ੍ਹ ਦਿੱਤਾ ਹੈ, ਜਿਸ ਨਾਲ ਉਹ ਲੋਕ ਮਨਾਂ ਨਾਲ ਖਿਲਵਾੜ ਕਰਦੇ ਹਨ, ਉਹਨਾ ਦੇ ਮਨਾਂ 'ਚ ਹੀਣਤਾ ਪੈਦਾ ਕਰਦੇ ਹਨ।

ਕੀ ਕਦੇ ਦੇਸ਼ ਦੇ ਸਿਆਸਤਦਾਨਾਂ ਨੇ ਸੋਚਿਆ ਹੈ ਕਿ ਦੇਸ਼ ਦੇ 80 ਕਰੋੜ ਗਰੀਬਾਂ ਨੂੰ ਮੁਫ਼ਤ ਅਨਾਜ ਦੇਣਾ ਅਤੇ ਲਗਾਤਾਰ ਦੇਣਾ ਕੀ ਲੋਕ ਮਨਾਂ 'ਚ ਹੀਣਤਾ ਪੈਦਾ ਨਹੀਂ ਕਰਦਾ? ਕੀ ਹੱਥੀਂ ਕੰਮ, ਜਾਂ ਰੁਜ਼ਗਾਰ ਉਹਨਾ ਨੂੰ ਸਿਰ ਚੁੱਕਕੇ ਤੁਰਨ ਦੀ ਅਤੇ ਆਪਣੇ ਹੱਕਾਂ ਲਈ ਸਵਾਲ ਕਰਨ ਅਤੇ ਆਪਣੇ ਪੈਰੀਂ ਖੜੇ ਹੋਣ ਦੀ ਜਾਚ ਨਹੀਂ ਸਿਖਾਏਗਾ? ਤਾਂ ਫਿਰ ਸਿਆਸੀ ਦਲ ਰੁਜ਼ਗਾਰ ਦੇ ਥਾਂ "ਮੁਫ਼ਤ ਅਨਾਜ ਜਾਂ ਸਹੂਲਤਾਂ" ਦੇਣ ਦੀਆਂ ਗਰੰਟੀਆਂ ਕਿਉਂ ਦੇ ਰਹੇ ਹਨ?

ਜਿੰਨੇ ਕੁ ਵੀ ਚੋਣ ਮੈਨੀਫੈਸਟੋ ਹੁਣ ਤੱਕ ਪਿਛਲੀਆਂ ਚੋਣਾਂ ਅਤੇ ਹੁਣ ਦੀਆਂ ਚੋਣਾਂ 'ਚ ਸਿਆਸੀ ਦਲਾਂ ਵਲੋਂ ਜਾਰੀ ਹੋਏ ਹਨ, ਉਹ ਸਿਆਸਤ ਵਿੱਚ ਪੈਸੇ ਦੀ ਵੱਡੀ ਵਰਤੋਂ, ਅਪਰਾਧੀਆਂ, ਢੁੱਠਾਂ ਵਾਲੇ ਲੋਕਾਂ ਦੀ ਸ਼ਮੂਲੀਅਤ ਨਾ ਹੋਣ ਦੇਣ ਬਾਰੇ ਗਰੰਟੀ ਕਿਉਂ ਨਹੀਂ ਦਿੰਦੇ? ਯਾਦ ਰਹੇ ਪਿਛਲੇ ਦਿਨੀਂ ਛਪੀ ਇੱਕ ਰਿਪੋਰਟ 'ਚ ਲੋਕ ਸਭਾ, ਵਿਧਾਨ ਸਭਾ 'ਚ ਧੰਨ ਕੁਬੇਰਾਂ ਦੀ ਗਿਣਤੀ ਤਾਂ ਵਧ ਹੀ ਰਹੀ ਹੈ, ਪਰ ਅਪਰਾਧਿਕ ਪਿਛੋਕੜ ਵਾਲੇ ਲੋਕਾਂ ਦੀ ਗਿਣਤੀ ਵੀ 46 ਫ਼ੀਸਦੀ ਤੱਕ ਬਿਆਨੀ ਗਈ ਹੈ ਅਤੇ ਲਗਭਗ ਸਾਰੀਆਂ ਪਾਰਟੀਆਂ ਉਤੇ ਧੰਨ ਕੁਬੇਰਾਂ, ਅਪਰਾਧੀਆਂ, ਕੁਝ ਪਰਿਵਾਰਕ ਮੈਂਬਰਾਂ ਦਾ ਕਬਜ਼ਾ ਹੋ ਚੁੱਕਾ ਹੈ। ਲੋਕ ਸਭਾ, ਰਾਜ ਸਭਾ, ਵਿਧਾਨ ਸਭਾਵਾਂ, ਵਿਧਾਨ ਪ੍ਰੀਸ਼ਦਾਂ ਵਿੱਚ ਅਰਬਪਤੀ ਮੈਂਬਰਾਂ ਦੀ ਗਿਣਤੀ ਲਗਾਤਾਰ ਵਧੀ ਹੈ ਜਾਂ ਵਧ ਰਹੀ ਹੈ। ਆਮ ਵਿਅਕਤੀ ਤਾਂ ਚੋਣਾਂ 'ਚ ਉਮੀਦਵਾਰ ਵਜੋਂ ਖੜੇ ਹੋਣ ਦੀ ਸੋਚ ਵੀ ਨਹੀਂ ਸਕਦਾ।

ਜਿਵੇਂ ਸਿਆਸਤਦਾਨਾਂ ਉਤੇ ਭ੍ਰਿਸ਼ਟਾਚਾਰ ਦੇ ਦੋਸ਼ ਲੱਗ ਰਹੇ ਹਨ, ਜਿਵੇਂ ਸਿਆਸਤਦਾਨਾਂ ਉਤੇ ਅਪਰਾਧਿਕ ਮੁਕੱਦਮੇ ਦਰਜ਼ ਹੋ ਰਹੇ ਹਨ, ਜਿਵੇਂ ਸਿਆਸੀ ਆਗੂਆਂ ਉਤੇ ਪਰਿਵਾਰਵਾਦ ਭਾਰੂ ਹੈ, ਜਿਵੇਂ ਚੋਣਾਂ ਜਿੱਤਕੇ ਹਾਕਮ ਧਿਰ, ਵਿਰੋਧੀਆਂ ਨੂੰ ਖੂੰਜੇ ਲਾਉਣ ਲਈ ਹਰ ਹੀਲਾ-ਵਸੀਲਾ ਵਰਤ ਰਹੀ ਹੈ। ਇਹ ਵਰਤਾਰਾ ਦੇਸ਼ ਦੀ ਸਿਆਸੀ ਨੈਤਿਕਤਾ ਉਤੇ ਸਵਾਲ ਖੜੇ ਕਰ ਰਿਹਾ ਹੈ।

ਸਿਆਸੀ ਧਿਰਾਂ ਵਲੋਂ ਲੋਕਾਂ ਲਈ ਭਲਾਈ ਸਕੀਮਾਂ ਲਾਗੂ ਕਰਨ ਦਾ ਵਾਇਦਾ ਕਰਨਾ ਗੈਰਕੁਦਰਤੀ ਨਹੀਂ। ਪਰ ਹਾਕਮ ਬਣਕੇ ਉਹਨਾ ਦੀ ਪੂਰਤੀ ਨਾ ਕਰਨਾ ਨਿਰਾ ਅਨਿਆ ਹੈ, ਗੁਨਾਹ ਹੈ।

ਹੁਣ ਤਾਂ ਮੰਗ ਉੱਠਣ ਲੱਗੀ ਹੈ ਕਿ ਚੋਣ ਵਾਇਦੇ ਗਰੰਟੀਆਂ ਕਾਨੂੰਨ ਦਸਤਾਵੇਜ ਬਣਨ ਅਤੇ ਸਿਆਸੀ ਪਾਰਟੀਆਂ ਵਲੋਂ ਇਹਨਾ ਦੀ ਪੂਰਤੀ ਨਾ ਕੀਤੇ ਜਾਣ 'ਤੇ ਉਹਨਾ ਦੀ ਅਦਾਲਤੀ ਨਿਗਰਾਨੀ ਅਤੇ ਜਵਾਬਦੇਹੀ ਹੋਵੇ ਅਤੇ ਉਹ ਸਿਰਫ਼ "ਅੰਕੜਿਆਂ ਦੀ ਖੇਡ" ਨਾਲ ਲੋਕਾਂ ਨੂੰ ਗੁੰਮਰਾਹ ਨਾ ਕਰ ਸਕਣ।

-ਗੁਰਮੀਤ ਸਿੰਘ ਪਲਾਹੀ
-9815802070

# ਇਨਾਮ ਤੇ ਖ਼ੁਸ਼ੀਆ ਦਾ ਤਿਉਹਾਰ ਹੈ "ਈਦ-ਉਲ-ਫ਼ਿਤਰ"

-ਮੁਹੰਮਦ ਇਸਮਾਈਲ ਏਸ਼ੀਆ-

- ਹਜ਼ਰਤ ਮੁਹੰਮਦ (ਸ.) ਵੱਲੋਂ ਮੁਸਲਮਾਨ ਭਾਈਚਾਰੇ ਨੂੰ ਦਿੱਤੇ ਗਏ ਹਨ ਇਨਸਾਨੀਅਤ ਨੂੰ ਤਿਉਹਾਰ ਮਨਾਉਣ ਦੇ ਇਸਲਾਮ ਦੇ ਅਪਣੇ ਅਕੀਦੇ ਤੇ ਤਰੀਕੇ ਹਨ



ਵਿਸ਼ਵ ਭਰ ਵਿੱਚ ਹਰ ਕੌਮ ਵੱਲੋ ਅਪਣੇ ਮੁਲਕ ਵਿਚ ਆਪੋ ਅਪਣੀ ਸੱਭਿਅਤਾ ਅਨੁਸਾਰ ਤਿਉਹਾਰ ਮਨਾਉਣ ਦਾ ਰਿਵਾਜ ਪ੍ਰਚੱਲਿਤ ਹੈ। ਹਰ ਧਰਮ ਦੇ ਲੋਕ ਕਿਸ ਤਰ੍ਹਾਂ ਤਿਉਹਾਰ ਮਨਾਉਂਦੇ ਹਨ ਇਹ ਉਨ੍ਹਾਂ ਦੇ ਅਪਣੇ ਧਾਰਮਿਕ ਅਕੀਦਿਆਂ ਉੱਤੇ ਨਿਰਭਰ ਹੈ।ਤਿਉਹਾਰ ਮਨਾਉਣ ਦੇ ਇਸਲਾਮ ਦੇ ਅਪਣੇ ਅਕੀਦੇ ਤੇ ਤਰੀਕੇ ਹਨ ਜਿਹੜੇ ਹਜ਼ਰਤ ਮੁਹੰਮਦ (ਸ.) ਵੱਲੋਂ ਮੁਸਲਮਾਨ ਭਾਈਚਾਰੇ ਨੂੰ ਦਿੱਤੇ ਗਏ ਹਨ।ਇਸਲਾਮੀ ਇਤਿਹਾਸ ਵਿਚ ਲਿਖਿਆ ਮਿਲਦਾ ਹੈ ਕਿ ਜਿਸ ਸਮੇਂ ਹਜ਼ਰਤ ਮੁਹੰਮਦ (ਸ.) ਹਿਜਰਤ ਕਰਕੇ ਮੱਕੇ ਤੋਂ ਮਦੀਨੇ ਗਏ ਉਸ ਸਮੇਂ ਉੱਥੋਂ ਦੇ ਲੋਕਾਂ ਵਿਚ ਮਿਹਰਜਾਨ ਅਤੇ ਨੌਰੋਜ਼ ਦੇ ਦੋ ਤਿਉਹਾਰ ਮਨਾਉਣ ਦਾ ਰਿਵਾਜ ਪ੍ਰਚੱਲਤ ਸੀ।ਅਰਬ ਵਿੱਚ ਇਨ੍ਹਾਂ ਤਿਉਹਾਰਾਂ ਨੂੰ ਲੈ ਕੇ ਕਈ ਕਈ ਦਿਨ ਮੇਲੇ ਲੱਗਦੇ ਸਨ ਅਤੇ ਖੇਡ ਤਮਾਸੇ ਹੁੰਦੇ ਰਹਿੰਦੇ ਸਨ।ਹਿਜਰਤ ਕਰਕੇ ਮਦੀਨੇ ਜਾਣ ਤੋ ਬਾਦ ਜਦੋਂ ਹਜ਼ਰਤ ਮੁਹੰਮਦ (ਸ.) ਨੇ ਮਦੀਨੇ ਦੇ ਪੁਰਾਣੇ ਵਾਸੀਆ ਤੋਂ ਇਨ੍ਹਾਂ ਮੇਲਿਆਂ ਦੀ ਹਕੀਕਤ ਜਾਨਣੀ ਚਾਹੀ ਤਾਂ ਉਹ ਇਸ ਦੀ ਹਕੀਕਤ ਬਾਰੇ ਐਨਾ ਹੀ ਆਖ ਸਕੇ ਕਿ ਇਹ ਮੇਲੇ ਸਾਡੇ ਵੱਡੇ ਵਡੇਰੇਆਂ ਦੇ ਸਮੇਂ ਤੋਂ ਚਲਦੇ ਆ ਰਹੇ ਹਨ।

ਹਜ਼ਰਤ ਮੁਹੰਮਦ (ਸ.) ਨੇ ਉਨ੍ਹਾਂ ਦਾ ਇਹ ਉੱਤਰ ਸੁੱਣਨ ਤੋਂ ਬਾਅਦ ਫ਼ਰਮਾਇਆ, ਅੱਲਾਹ ਤਆਲਾ ਵੱਲੋਂ ਮੁਸਲਮਾਨਾਂ ਲਈ ਖ਼ੁਸ਼ੀ ਮਨਾਉਣ ਦੇ ਦੋ ਦਿਨ ਮੁਕੱਰਰ ਕੀਤੇ ਹਨ।ਜਿਨ੍ਹਾਂ ਵਿਚ ਇਕ ਈਦ-ਉਲ-ਫ਼ਿਤਰ ਅਤੇ ਦੂਜਾ ਈਦ-ਉਲ-ਅਜ਼ਹਾ ਹੈ।ਈਦ ਅਰਬੀ ਭਾਸ਼ਾ ਦਾ ਸ਼ਬਦ ਹੈ ਜਿਸ ਦੇ ਅਰਥ ਹਨ ਬਾਰ ਬਾਰ ਪਲਟ ਕੇ ਆਉਣਾ।ਈਦ ਦੇ ਅਰਥ ਖ਼ੁਸ਼ੀ ਦੇ ਵੀ ਲਏ ਜਾਂਦੇ ਹਨ। ਇਸ ਲਈ ਇਸ ਦਾ ਸਹੀ ਅਰਥ ਉਸ ਖ਼ੁਸ਼ੀ ਤੋਂ ਲੈ ਸਕਦੇ ਹਾਂ ਜੋ ਬਾਰ ਬਾਰ ਪਲਟ ਕੇ ਆਵੇ।ਇਸ ਦਿਨ ਸਾਰੇ ਮੁਸਲਮਾਨ ਆਦਮੀ, ਔਰਤਾਂ ਅਤੇ ਬੱਚੇ ਨਵੇਂ ਕੱਪੜੇ ਪਹਿਨਦੇ ਹਨ ਅਤੇ ਸਾਰੇ ਮੁਸਲਮਾਨ ਪਿੰਡ ਜਾਂ ਸ਼ਹਿਰ ਤੋਂ ਬਾਹਰ ਈਦ ਗਾਹ ਦੇ ਖੁੱਲੇ ਮੈਦਾਨ ਵਿਚ ਇਕੱਠੇ ਹੋ ਕੇ ਈਦ ਦੀ ਦੋ ਰਕਾਅਤ ਨਮਾਜ਼ ਅਦਾ ਕਰਦੇ ਹਨ।ਈਦ ਦੀ ਨਮਾਜ਼ ਅਤੇ ਦੂਸਰੀਆਂ ਨਮਾਜ਼ਾਂ ਵਿਚ ਫ਼ਰਕ ਇਹ ਹੈ ਕਿ ਦੂਜੀਆਂ ਨਮਾਜ਼ਾਂ ਪੜ੍ਹਨ ਤੋਂ ਪਹਿਲਾਂ ਅਜ਼ਾਨ ਦਿੱਤੀ ਜਾਂਦੀ ਹੈ ਅਤੇ ਇਹ ਮਸਜਿਦਾਂ ਵਿੱਚ ਪੜੀਆ ਜਾਦੀਆ ਹਨ ਜਦੋ ਕਿ ਈਦ ਦੀ ਨਮਾਜ ਈਦ ਗਾਹ ਦੇ ਖੁੱਲੇ ਮੈਦਾਨ ਵਿੱਚ ਅਦਾ ਕੀਤੀ ਜਾਦੀ ।

ਈਦ-ਉਲ-ਫ਼ਿਤਰ ਅਰਬੀ ਮਹੀਨੇ ਰਮਜ਼ਾਨ ਦੇ ਖ਼ਤਮ ਹੋਣ ਤੋਂ ਬਾਅਦ ਮਨਾਈ ਜਾਂਦੀ ਹੈ । ਪੂਰਾ ਮਹੀਨਾ ਇਸ ਰਮਜ਼ਾਨ ਦੇ ਮਹੀਨੇ ਮੁਸਲਮਾਨ ਮਰਦ ਅਤੇ ਔਰਤਾਂ ਰੋਜ਼ਾ ਰੱਖਦੇ ਹਨ ਜਿਹੜਾ ਸਵੇਰੇ ਚਾਰ ਵਜੇ ਤੋਂ ਪਹਿਲਾਂ ਸ਼ੁਰੂ ਕਰਦੇ ਹਨ ਅਤੇ ਸੂਰਜ ਛੁਪਣ ਤੱਕ ਭਾਵ ਸ਼ਾਮ ਦੇ ਸਾਢੇ ਸੱਤ ਵਜੇ ਤੱਕ ਕੁਝ ਵੀ ਖਾ ਪੀ ਨਹੀਂ ਸਕਦੇ।ਰੋਜ਼ਾ ਰੱਖਣ ਦਾ ਮਕਸਦ ਭੁੱਖੇ ਰੱਖਣਾ ਨਹੀ ਹੈ ਸਗੋ ਭੁੱਖੇ ਤੇ ਗਰੀਬਾਂ ਤੇ ਮੁਥਾਜਾਂ ਬਾਰੇ ਸੋਚਣ ਲਈ ਮਜਬੂਰ ਕਰਨਾ ਹੈ ਜੋ ਮਜਬੂਰੀ ਵਸ ਢਿੱਡ ਨਹੀ ਭਰ ਸਕਦੇ।

ਜੋ ਮੁਸਲਮਾਨ ਪੂਰੇ ਮਹੀਨੇ ਦੀ ਇਸ ਤਪੱਸਿਆ ਰਾਹੀ ਅਪਣੇ ਸਰੀਰਕ ਅੰਗਾਂ ਨੂੰ ਇਸਲਾਮ ਦੇ ਅਸੂਲਾਂ ਦੇ ਦਾਇਰੇ ਵਿਚ ਰੱਖਕੇ ਪੂਰਾ ਦਿਨ ਬਤੀਤ ਕਰਕੇ ਮਹੀਨੇ ਦੀ ਇਸ ਟ੍ਰੇਨਿੰਗ ਰਾਹੀ ਅਪਣੇ ਦਿਮਾਗ , ਅੱਖਾਂ ,ਜ਼ੁਬਾਨ , ਹੱਥਾਂ ,ਪੈਰਾਂ ਅਤੇ ਕੰਨਾਂ ਨੂੰ ਅਨੁਸ਼ਾਸ਼ਨ ਚ ਰੱਖਨ ਦੀ ਕੋਸਿਸ਼ ਕਰਕੇ ਈਦ ਮਨਾਉਦਾ ਹੈ ਉਸ ਦੀ ਖ਼ੁਸ਼ੀ ਅਲੱਗ ਹੀ ਕਿਸਮ ਦੀ ਹੁੰਦੀ ਹੈ ।ਇਹ ਖੁਸੀਆ ਵਿੱਚ ਗਰੀਬ ਲੋਕ ਵੀ ਬਰਾਬਰ ਸਰੀਕ ਹੋ ਸਕਨ ਇਸ ਲਈ ਹਰ ਮੁਸਲਮਾਨ ਜੋ ਮਾਲਦਾਰ ਭਾਵ ਜਿਸ ਪਾਸ ਸਾਢੇ ਸੱਤ ਤੋਲੇ ਸੋਨਾ ਜਾਂ ਸਾਢੇ ਬਵੰਜਾ ਤੋਲੇ ਚਾਦੀ ਜਾ ਇੰਨਾਂ ਚੋ ਕਿਸੇ ਇੱਕ ਦੀ ਮਿਕਦਾਰ ਪੂਰੀ ਕਰਦਾ ਮਾਲ ਜਾਂ ਜਾਇਦਾਦ ਹੋਵੇ ਉਸ ਨੂੰ ਅਪਣੀ ਮਲਕੀਅਤੀ ਮਾਲ ਦੀ ਕੀਮਤ ਚੋ ਢਾਈ ਪ੍ਰਤੀਸ਼ਤ ਜ਼ਕਾਤ ਦੇਣਾ ਫਰਜ ਹੈ ਜਿਸ ਨੂੰ ਸਾਲ 'ਚ ਕਦੋ ਵੀ ਦਿੱਤਾ ਜਾ ਸਕਦਾ ਹੈ ਪਰ ਇਸ ਮੋਕੇ ਤੇ ਅਗਰ ਇਹ ਦਿੱਤੀ ਜਾਵੇ ਤਾਂ 70 ਗੁਣਾ ਵੱਧ ਨੇਕੀਆ ਮਿਲਦੀਆ ਹਨ ।

ਪਰ ਸਦਕਾ ਤੁਲ ਫਿਤਰ ਦਾ ਦਾਨ ( ਫਿਤਰਾਨਾ ) ਈਦ ਦੀ ਨਮਾਜ਼ ਤੋ ਪਹਿਲਾਂ ਪਹਿਲਾ ਦੇਣਾ ਹਰ ਮੁਸਲਮਾਨ ਲਈ ਜਰੂਰੀ ਹੈ ਜਿਸ ਅਨੁਸ਼ਾਰ ਰੋ-ਜ਼ਆ ਦੋਰਾਨ ਹੋਈਆ ਕਮੀਆ ਦੀ ਪੂਰਤੀ ਲਈ ਘਰ ਦੇ ਹਰ ਮੈਬਰ ਲਈ ਦੋ ਕਿਲੋ ਦੇ ਲੱਗਭੱਗ ਅਨਾਜ ਜਾਂ ਇਸ ਦੀ ਕੀਮਤ ਗਰੀਬਾ ਮਸਕੀਨਾਂ ਮੁਥਾਜਾਂ ਨੂੰ ਦੇਣਾ ਵਾਜਿਬ ( ਜ਼ਰੂਰੀ ) ਹੈ ਬਲਕਿ ਇਥੋ ਤੱਕ ਕਿਹਾ ਗਿਆ ਹੈ ਕਿ ਮੇਰੀ ਈਦਗਾਹ ਵਿੱਚ ਉਹ ਈਦ ਲਈ ਹੀ ਨਾ ਆਵੇ ਜਿਸ ਨੇ ਫਿਤਰਾ (ਦਾਨ) ਨਹੀ ਦਿੱਤਾ ।ਇੱਕ ਵਾਰ ਹਜਰਤ ਮੁਹੰਮਦ ਸਹਿਬ ਈਦ ਦੀ ਨਮਾਜ਼ ਪੜ੍ਹਨ ਲਈ ਰਹੇ ਸਨ ਕਿ ਮਦੀਨੇ ਦੀਆ ਗਲੀਆ ਵਿੱਚ ਨਵੇ ਕੱਪੜੇ ਪਾਈ ਬੱਚੇ ਖੇਡ ਰਹੇ ਸੀ ਤੇ ਉਨਾਂ ਪਾਸ ਹੀ ਇੱਕ ਬੱਚਾ ਫਟੇ ਪੁਰਾਣੇ ਕੱਪੜਿਆ ਵਿੱਚ ਉਦਾਸ ਖੜਾ ਸੀ ਆਪ ਨੇ ਉਸ ਨੂੰ ਪੁਛਿਆ ਕਿ ਬੇਟਾ ਤੂੰ ਖੁਸ਼ੀ ਨਹੀ ਮਨਾ ਰਿਹਾ ਤਾਂ ਉਸ ਨੇ ਕਿਹਾ ਕਿ ਮੈ ਕਿਸ ਤਰਾਂ ਖੁਸ਼ੀ ਮਨਾਵਾਂ ਮੇਰੇ ਮਾਂ ਬਾਪ ਇਸ ਦੁਨੀਆ ਤੇ ਨਹੀ ਹਨ।ਆਪ ਇਸ ਨੂੰ ਅਪਣੇ ਨਾਲ ਘਰ ਲਿਆਏ ਤੇ ਇਸ ਨੂੰ ਨਹਿਲਾਇਆਂ ਤੇ ਨਵੇ ਕੱਪੜੇ ਪਹਿਨਾ ਕੇ ਖ਼ੁਸ਼ਬੂ ਲਗਾਈ ਤੇ ਕਿਹਾ ਕਿ ਅੱਜ ਤੋ ਆਪ ਦੀ ਪਤਨੀ ਆਇਸ਼ਾ ਰਜਿ. ਆਪਦੀ ਮਾਂ ਅਤੇ ਮੁਹੰਮਦ ਤੇਰਾ ਪਿਤਾ ਹੈ ।

ਹਜ਼ਰਤ ਮੁਹੰਮਦ (ਸ.) ਨੇ ਫ਼ਰਮਾਇਆ ਕਿ ਈਦ ਦੇ ਦਿਨ ਰੱਬ ਦੇ ਵਿਸ਼ੇਸ਼ ਫ਼ਰਿਸ਼ਤੇ ਸਵੇਰ ਤੋਂ ਹੀ ਆਬਾਦੀ ਦੀਆਂ ਗਲੀਆਂ ਦੇ ਸਿਰਿਆਂ ਤੇ ਖੜ੍ਹੇ ਹੋ ਜਾਂਦੇ ਹਨ ਅਤੇ ਲੋਕਾਂ ਨੂੰ ਆਖਦੇ ਹਨ, ਐ! ਮੁਹੰਮਦ (ਸ.) ਦੀ ਉਮਤ! ਅਪਣੇ ਉਸ ਪਰਵਰਦਿਗਾਰ ਦੀ ਤਰਫ਼ ਚਲੋ ਜਿਹੜਾ ਥੋੜੀ ਇਬਾਦਤ ਵੀ ਕਬੂਲ ਕਰ ਲੈਂਦਾ ਹੈ ਅਤੇ ਉਸ ਬਦਲੇ ਜ਼ਿਆਦਾ ਨੇਕੀਆ ਦਿੰਦਾ ਹੈ ਅਤੇ ਬੜੇ ਬੜੇ ਗੁਨਾਹਾਂ ਨੂੰ ਮੁਆਫ਼ ਕਰ ਦਿੰਦਾ ਹੈ।

ਹਜਰਤ ਮੁਹੰਮਦ ਸ਼ਹਿਬ ਫਰਮਾਉਦੇ ਹਨ ਕਿ ਈਦ ਰੱਬ ਵੱਲੋਂ ਰੋਜ਼ੇ ਰੱਖਣ ਵਾਲਿਆਂ ਲਈ ਦਿਤਾ ਇੱਕ ਵਿਸ਼ੇਸ਼ ਇਨਾਮ ਹੈ।ਈਦ ਦੇ ਦਿਨ ਅੱਲਾਹ ਅਪਣੇ ਬੰਦਿਆਂ ਦੇ ਬਾਰੇ ਫ਼ਰਿਸ਼ਤਿਆਂ ਨੂੰ ਇਰਸ਼ਾਦ ਫ਼ਰਮਾਉਂਦੇ ਹਨ, ਐ ਫ਼ਰਿਸ਼ਤਿਉ! ਉਸ ਮਜ਼ਦੂਰ ਦੀ ਮਜ਼ਦੂਰੀ ਕੀ ਹੋਣੀ ਚਾਹੀਦੀ ਹੈ ਜਿਹੜਾ ਅਪਣਾ ਕੰਮ (ਰਮਜ਼ਾਨ ਦੇ ਰੋਜ਼ੇ) ਪੂਰਾ ਕਰ ਲੈਂਦਾ ਹੈ? ਫ਼ਰਿਸ਼ਤੇ ਜਵਾਬ ਦਿੰਦੇ ਹਨ, ਉਸ ਦਾ ਬਦਲਾ ਇਹ ਹੈ ਕਿ ਉਸ ਨੂੰ ਪੂਰੀ ਪੂਰੀ ਮਜ਼ਦੂਰੀ ਦਿੱਤੀ ਜਾਵੇ।ਤਦ ਅੱਲਾਹ ਤਆਲਾ ਫ਼ਰਮਾਉਂਦੇ ਹਨ, ਐ ਮੇਰੇ ਫ਼ਰਿਸ਼ਤਿਉ! ਤੁਸੀਂ ਗਵਾਹ ਰਹਿਣਾ ਕਿ ਮੈਨੇ ਅਪਣੇ ਬੰਦਿਆਂ ਨੂੰ ਉਨ੍ਹਾਂ ਰੋਜ਼ਿਆਂ, ਜਿਹੜੇ ਉਨ੍ਹਾਂ ਨੇ ਰਮਜ਼ਾਨ ਦੇ ਮਹੀਨੇ ਦੌਰਾਨ ਰੱਖੇ ਅਤੇ ਉਨ੍ਹਾਂ ਨਮਾਜ਼ਾਂ ਜਿਹੜੀਆਂ ਉਨ੍ਹਾਂ ਨੇ ਰਮਜ਼ਾਨ ਦੇ ਮਹੀਨੇ ਦੌਰਾਨ ਰਾਤਾਂ ਨੂੰ ਪੜ੍ਹੀਆਂ, ਦੇ ਬਦਲੇ ਅਪਣੀ ਰਜ਼ਾਮੰਦੀ ਅਤੇ ਮਗ਼ਫ਼ਰਤ ਨਾਲ ਨਵਾਜ਼ਦਾ ਹਾਂ।

ਉਚ-ਨੀਚ ਦੇ ਫ਼ਰਕ ਨੂੰ ਖਤਮ ਕਰਕੇ ਇੱਕੋ ਕਤਾਰ ਵਿੱਚ ਸਭ ਨੂੰ ਖੜਾ ਕਰਕੇ ਨਮਾਜ ਪੜਨਾ ਇੱਕ ਅਲੱਗ ਹੀ ਨਜ਼ਾਰਾ ਪੇਸ਼ ਕਰਨ ਵਾਲਾ ਇਹ ਈਦ ਉਲ ਫਿਤਰ ਦਾ ਤਿਉਹਾਰ ਇਸੇ ਤਰਾ ਜਿੰਦਗੀ ਗੁਜਾਰਨ ਦਾ ਢੰਗ ਸਿਖਾਉਦਾ ਹੈ ਤਾਂ ਜੋ ਵੱਡੇ ਵੱਡੇ ਛੋਟੇ ਦਾ ਫ਼ਰਕ ਮਿਟ ਸਕੇ ਤੇ ਇਹ ਸਿੱਖਿਆਂ ਮਿਲ ਸਕੇ ਕਿ ਰੱਬ ਪਾਸ ਸਭ ਦਾ ਦਰਜਾ ਬਰਾਬਰ ਹੈ ਬਾਵੇ ਉਹ ਕੋਈ ਅਮੀਰ ਹੋਵੇ ਜਾਂ ਗਰੀਬ, ਈਦ ਦੀ ਵਿਸੇਸ਼ ਨਮਾਜ਼ ਪੜ੍ਹਨ ਤੋਂ ਬਾਅਦ ਇਕ ਦੂਜੇ ਨੂੰ ਗਲੇ ਮਿਲਿਆ ਜਾਂਦਾ ਹੈ ਜਿਸ ਵਿਚ ਮੁਸਲਮਾਨ ਹੀ ਨਹੀਂ ਦੂਜੇ ਧਰਮਾਂ ਦੇ ਲੋਕ ਵੀ ਅਪਣੇ ਮੁਸਲਮਾਨ ਭਰਾਵਾਂ ਨੂੰ ਈਦ ਦੀਆਂ ਮੁਬਾਰਕਾਂ ਦੇਣ ਲਈ ਗਲੇ ਮਿਲਦੇ ਹਨ ਅਤੇ ਇਸ ਤਿਉਹਾਰ ਮੌਕੇ ਬਣੇ ਵਿਸ਼ੇਸ਼ ਮਿੱਠੇ ਪਕਵਾਨ ਰਲ ਮਿਲ ਕੇ ਖਾਦੇ ਹਨ (ਜਿਸ ਕਾਰਨ ਇਸ ਨੂੰ ਮਿੱਠੀ ਈਦ ਦਾ ਤਿਉਹਾਰ ਵੀ ਕਿਹਾ ਜਾਦਾ ਹੈ) ਇਹੋ ਈਦ ਦਾ ਲੋਕਾਈ ਨੂੰ ਸੰਦੇਸ਼ ਹੈ ਕਿ ਸਭ ਰਲ ਮਿਲ ਖਾਈਏ ਖੁਸ਼ੀਆ ਮਨਾਈਏ।

# ਮੋਟੀਵੇਸ਼ਨਲ ਸਪੀਕਰ ਵਿੱਚ ਨੌਕਰੀ ਅਤੇ ਕਰੀਅਰ ਦੇ ਮੌਕੇ

ਇੱਕ ਪ੍ਰੇਰਣਾਦਾਇਕ ਸਪੀਕਰ ਉਹ ਹੁੰਦਾ ਹੈ ਜੋ ਦਰਸ਼ਕਾਂ ਨੂੰ ਪ੍ਰੇਰਿਤ ਜਾਂ ਪ੍ਰੇਰਿਤ ਕਰਨ ਲਈ ਬੋਲਦਾ ਹੈ। ਪ੍ਰੇਰਕ ਬੁਲਾਰੇ ਆਪਣੇ ਜੀਵਨ ਦੇ ਤਜ਼ਰਬਿਆਂ ਅਤੇ ਗਿਆਨ ਦੀ ਵਰਤੋਂ ਦੂਜਿਆਂ ਨਾਲ ਗੱਲ ਕਰਨ ਲਈ ਕਰਦੇ ਹਨ ਅਤੇ ਉਹਨਾਂ ਨੂੰ ਕਾਰਵਾਈ ਕਰਨ ਜਾਂ ਉਹਨਾਂ ਦੇ ਜੀਵਨ ਨੂੰ ਬਦਲਣ ਲਈ ਪ੍ਰੇਰਿਤ ਕਰਦੇ ਹਨ। ਪ੍ਰੇਰਕ ਸਪੀਕਰ ਨੂੰ ਖਾਸ ਵਿਸ਼ਿਆਂ ਜਿਵੇਂ ਕਿ ਮਾਰਕੀਟਿੰਗ, ਪ੍ਰਬੰਧਨ, ਖੇਡਾਂ, ਜਾਂ ਵਿਕਰੀ ਜਾਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨਾਲ ਨਜਿੱਠਣ, ਸਵੈ-ਮਾਣ ਬਣਾਉਣਾ, ਵਿਵਾਦਾਂ ਨੂੰ ਸੁਲਝਾਉਣਾ, ਜਾਂ ਸੰਚਾਰ ਜਾਂ ਉਤਪਾਦਕਤਾ ਵਿੱਚ ਸੁਧਾਰ ਵਰਗੇ ਵਿਸ਼ਿਆਂ ਵਿੱਚ ਮੁਹਾਰਤ ਹਾਸਲ ਕਰਨ ਦੀ ਲੋੜ ਹੁੰਦੀ ਹੈ। ਉਹ ਧਾਰਮਿਕ ਮਾਹੌਲ ਤੋਂ ਆ ਸਕਦੇ ਹਨ ਜਾਂ ਉਹ ਵਿਅਕਤੀ ਹੋ ਸਕਦੇ ਹਨ ਜਿਨ੍ਹਾਂ ਕੋਲ ਜਨਤਾ ਦੇ ਸਾਹਮਣੇ ਬੋਲਣ ਅਤੇ ਸੰਦੇਸ਼ ਦੇਣ ਦੀ ਸ਼ਕਤੀ ਹੈ। ਪ੍ਰੇਰਣਾਦਾਇਕ ਬੁਲਾਰੇ ਇੰਟਰਵਿਊ ਪ੍ਰਦਾਨ ਕਰਨ ਵਿੱਚ ਬਹੁਤ ਚੰਗੀ ਤਰ੍ਹਾਂ ਸ਼ਾਮਲ ਹੋ ਸਕਦੇ ਹਨ, ਖਾਸ ਤੌਰ 'ਤੇ ਜੇ ਉਹ ਇੱਕ ਚੰਗੀ-ਪ੍ਰਚਾਰਿਤ ਵਿਸ਼ੇ 'ਤੇ ਕੰਮ ਕਰ ਰਹੇ ਹਨ। ਉਹ ਸਕੂਲਾਂ, ਚਰਚਾਂ, ਭਾਈਚਾਰਕ ਸਮਾਗਮਾਂ, ਸਰਕਾਰੀ ਏਜੰਸੀਆਂ, ਵਿਸ਼ੇਸ਼ ਸਮਾਗਮਾਂ, ਵਪਾਰਕ ਪ੍ਰਦਰਸ਼ਨਾਂ ਅਤੇ ਕਾਨਫਰੰਸਾਂ ਸਮੇਤ ਵੱਖ-ਵੱਖ ਵਾਤਾਵਰਣਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਵਿੱਚ ਆਪਣੇ ਭਾਸ਼ਣ ਦੇ ਸਕਦੇ ਹਨ। ਪ੍ਰੇਰਕ ਬੁਲਾਰਿਆਂ ਨੂੰ ਵੱਖ-ਵੱਖ ਸਥਾਨਾਂ ਦੀ ਯਾਤਰਾ ਕਰਨ ਅਤੇ ਲੋਕਾਂ ਦੇ ਸਮੂਹਾਂ ਨੂੰ ਆਪਣੀਆਂ ਪੇਸ਼ਕਾਰੀਆਂ ਕਰਨ ਲਈ ਭੁਗਤਾਨ ਕੀਤਾ ਜਾਂਦਾ ਹੈ। ਪ੍ਰੇਰਕ ਸਪੀਕਰ ਯੋਗਤਾ ਵਿੱਦਿਅਕ ਯੋਗਤਾ ਹਾਲਾਂਕਿ ਇੱਕ ਪ੍ਰੇਰਣਾਦਾਇਕ ਸਪੀਕਰ ਬਣਨ ਲਈ ਕੋਈ ਅਧਿਕਾਰਤ ਵਿਦਿਅਕ ਯੋਗਤਾ ਲੋੜਾਂ ਨਹੀਂ ਹਨ, ਆਮ ਤੌਰ 'ਤੇ ਮੂਲ ਭਾਸ਼ਾ ਵਿੱਚ ਹਾਈ ਸਕੂਲ ਡਿਪਲੋਮਾ ਜਾਂ ਕਾਲਜ ਦੀ ਡਿਗਰੀ ਹੋਣ ਦੀ ਉਮੀਦ ਕੀਤੀ ਜਾਂਦੀ ਹੈ। ਉਮਰ ਸੀਮਾਵਾਂ ਉਮੀਦਵਾਰ ਦੀ ਉਮਰ ਦੇ ਸਬੰਧ ਵਿੱਚ ਕੋਈ ਪਾਬੰਦੀ ਨਹੀਂ ਹੈ ਜੇਕਰ ਉਹ ਇੱਕ ਪ੍ਰੇਰਣਾਦਾਇਕ ਸਪੀਕਰ ਬਣਨਾ ਚਾਹੁੰਦਾ ਹੈ। ਪ੍ਰੇਰਣਾਦਾਇਕ ਸਪੀਕਰ ਲੋੜੀਂਦੇ ਹੁਨਰ ਇੱਕ ਉਤਸ਼ਾਹੀ ਪ੍ਰੇਰਕ ਸਪੀਕਰ ਨੂੰ ਉਸਦੇ ਪੇਸ਼ੇ ਵਿੱਚ ਕਾਫ਼ੀ ਪ੍ਰਭਾਵਸ਼ਾਲੀ ਹੋਣ ਲਈ ਹੇਠਾਂ ਦਿੱਤੇ ਹੁਨਰਾਂ ਦੀ ਲੋੜ ਹੁੰਦੀ ਹੈ। ਲੋੜੀਂਦੇ ਹੁਨਰ ਹਨ:



ਉਮੀਦਵਾਰਾਂ ਕੋਲ ਵਧੀਆ ਸੰਚਾਰ ਹੁਨਰ ਹੋਣੇ ਚਾਹੀਦੇ ਹਨ ਤਾਂ ਜੋ ਦਰਸ਼ਕਾਂ ਦੀਆਂ ਜ਼ਰੂਰਤਾਂ ਦੇ ਅਨੁਸ-ਾਰ ਸਹੀ ਢੰਗ ਨਾਲ ਸੰਚਾਰ ਕਰ ਸਕਣ. ਪ੍ਰੇਰਕ ਬੁਲਾਰੇ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਜਾਣਕਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਦੂਜਿਆਂ ਨਾਲ ਕਿਵੇਂ ਗੱਲ ਕਰਨੀ ਹੈ। ਉਸ ਨੂੰ ਇਸ ਗੱਲ ਵੱਲ ਪੂਰਾ ਧਿਆਨ ਦੇਣ ਦੀ ਲੋੜ ਹੈ ਕਿ ਦੂਜੇ ਲੋਕ ਕੀ ਕਹਿ ਰਹੇ ਹਨ, ਬਣਾਏ ਜਾ ਰਹੇ ਨੁਕਤਿਆਂ ਨੂੰ ਸਮਝਣ ਲਈ ਸਮਾਂ ਕੱਢੋ, ਉਚਿਤ ਸਵਾਲ ਪੁੱਛੋ, ਅਤੇ ਅਣਉਚਿਤ ਸਮੇਂ 'ਤੇ ਰੁਕਾਵਟ ਨਾ ਪਓ। ਪ੍ਰੇਰਕ ਬੁਲਾਰੇ ਨੂੰ ਦੂਜਿਆਂ ਦੀਆਂ ਪ੍ਰਤੀਕਿਰਿਆਵਾਂ ਤੋਂ ਜਾਣੂ ਹੋਣਾ ਚਾਹੀਦਾ ਹੈ ਅਤੇ ਸਮਝਣਾ ਚਾਹੀਦਾ ਹੈ ਕਿ ਉਹ ਕਿਉਂ ਪ੍ਰਤੀਕਿਰਿਆ ਕਰਦੇ ਹਨ ਜਿਵੇਂ ਕਿ ਉਹ ਕਰਦੇ ਹਨ। ਉਸਨੂੰ ਪਤਾ ਹੋਣਾ ਚਾਹੀਦਾ ਹੈ ਕਿ ਸਮੇਂ ਦਾ ਪ੍ਰਬੰਧਨ ਕਿਵੇਂ ਕਰਨਾ ਹੈ। ਪ੍ਰੇਰਕ ਬੁਲਾਰੇ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਵਿਕਲਪਕ ਹੱਲਾਂ, ਸਿੱਟਿਆਂ ਜਾਂ ਸਮੱਸਿਆਵਾਂ ਦੇ ਪਹੁੰਚ ਦੀਆਂ ਸ਼ਕਤੀਆਂ ਅਤੇ ਕਮਜ਼ੋਰੀਆਂ ਦੀ ਪਛਾਣ ਕਰਨ ਲਈ ਤਰਕ ਅਤੇ ਤਰਕ ਦੀ ਵਰਤੋਂ ਕਿਵੇਂ ਕਰਨੀ ਹੈ। ਉਸਨੂੰ ਪਤਾ ਹੋਣਾ ਚਾਹੀਦਾ ਹੈ ਕਿ ਨਵੀਆਂ ਚੀਜ਼ਾਂ ਸਿੱਖਣ ਜਾਂ ਸਿਖਾਉਣ ਵੇਲੇ ਸਥਿਤੀ ਲਈ ਢੁਕਵੇਂ ਸਿਖਲਾਈ/ਸਿੱਖਿਆ ਦੇ ਢੰਗਾਂ ਅਤੇ ਪ੍ਰਕਿਰਿਆਵਾਂ ਦੀ ਚੋਣ ਅਤੇ ਵਰਤੋਂ ਕਿਵੇਂ ਕਰਨੀ ਹੈ। ਇੱਕ ਪ੍ਰੇਰਣਾਦਾਇਕ ਸਪੀਕਰ ਕਿਵੇਂ ਬਣਨਾ ਹੈ? ਇੱਕ ਪ੍ਰੇਰਣਾਦਾਇਕ ਸਪੀਕਰ ਬਣਨ ਲਈ ਚਾਹਵਾਨ ਉਮੀਦਵਾਰ ਨੂੰ ਦਿੱਤੇ ਗਏ ਕਦਮਾਂ ਦੀ ਪਾਲਣਾ ਕਰਨੀ ਪੈਂਦੀ ਹੈ: ਕਦਮ 1 ਸਭ ਤੋਂ ਪਹਿਲਾਂ, ਉਮੀਦਵਾਰ ਨੂੰ ਆਪਣਾ ਸਕੂਲ ਪਾਸ ਕਰਨ ਅਤੇ ਕਿਸੇ ਮਾਨਤਾ ਪ੍ਰਾਪਤ ਯੂਨੀਵਰਸਿਟੀ/ਇੰਸਟੀਚਿਊਟ ਤੋਂ ਕਿਸੇ ਵੀ ਸਟ੍ਰੀਮ ਵਿੱਚ ਬੈਚਲਰ ਦੀ ਡਿਗਰੀ ਲਈ ਜਾਣ ਦੀ ਲੋੜ ਹੁੰਦੀ ਹੈ। ਹਾਲਾਂਕਿ, ਕੁਝ ਮੂਲ ਭਾਸ਼ਾਵਾਂ ਜਾਂ ਮਾਸ ਕਮਿਊਨੀਕੇਸ਼ਨ ਵਿੱਚ ਇੱਕ ਬੈਚਲਰ ਡਿਗਰੀ ਯਕੀਨੀ ਤੌਰ 'ਤੇ ਇੱਕ ਸਫਲ ਪ੍ਰੇਰਕ ਸਪੀਕਰ ਲਈ ਜ਼ਰੂਰੀ ਸੰਚਾਰ ਹੁਨਰ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰੇਗੀ। ਕਦਮ 2 ਉਮੀਦਵਾਰ ਨੂੰ ਇੱਕ ਮਾਨਤਾ ਪ੍ਰਾਪਤ ਸੰਸਥਾ ਤੋਂ ਪੋਸਟ-ਸੈਕੰਡਰੀ ਸਿਖਲਾਈ ਸੰਚਾਰ ਡਿਗਰੀ ਦੀ ਲੋੜ ਹੁੰਦੀ ਹੈ ਤਾਂ ਜੋ ਇੱਕ ਪ੍ਰੇਰਣਾਦਾਇਕ ਸਪੀਕਰ ਬਣਨ ਲਈ ਪ੍ਰਮਾਣਿਤ ਕੀਤਾ ਜਾ ਸਕੇ। ਕਦਮ 3 ਲੋੜੀਂਦੀ ਸਿਖਲਾਈ ਪ੍ਰਕਿਰਿਆ ਤੋਂ ਬਾਅਦ, ਕੋਈ ਵੀ ਕਾਰਪੋਰੇਟ ਸੈਕਟਰ, ਰੱਖਿਆ ਸੰਗਠਨ, ਵਿ-ਦਅਕ ਸੰਸਥਾਵਾਂ ਆਦਿ ਵਿੱਚ ਇੱਕ ਪ੍ਰੇਰਕ ਸਪੀਕਰ ਵਜੋਂ ਨੌਕਰੀ ਲੱਭ ਸਕਦਾ ਹੈ ਜਾਂ ਇੱਕ ਫ੍ਰੀਲਾਂਸ ਮੋਟੀਵੇਸ਼ਨਲ ਸਪੀਕਰ ਵਜੋਂ ਆਪਣਾ ਕਰੀਅਰ ਬਣਾ ਸਕਦਾ ਹੈ। ਵਿੱਚ ਕੁਝ ਨਾਮਵਰ ਮੋਟੀਵੇਸ਼ਨਲ ਸਪੀਕਰ ਟਰੇਨਿੰਗ ਇੰਸਟੀਚਿਊਟਭਾਰਤ ਅਨੁਰਾਗ ਅਗਰਵਾਲ ਇੰਸਟੀਚਿਊਟ ਆਫ ਪਬਲਿਕ ਸਪੀਕਿੰਗ, ਨੋਇਡਾ, ਉੱਤਰ ਪ੍ਰਦੇਸ਼ ਪੇਪ ਟਾਕ ਇੰਡੀਆ - ਇੰਗਲਿਸ਼, ਪਬਲਿਕ ਸਪੀਕਿੰਗ ਇੰਸਟੀਚਿਊਟ, ਨਵੀਂ ਦਿੱਲੀ ਭਾਰਤ ਵਿੱਚ ਪ੍ਰੇਰਣਾ ਸਪੀਕਰ - ਆਨੰਦ ਮੁਨਸ਼ੀ, ਮੁੰਬਈ ਪ੍ਰੇਰਣਾਦਾਇਕ ਸਪੀਕਰ ਨੌਕਰੀ ਦਾ ਵੇਰਵਾ ਪ੍ਰੇਰਕ ਸਪੀਕਰ ਲਗਭਗ ਹਮੇਸ਼ਾ ਅਨਿਯਮਿਤ ਘੰਟੇ ਕੰਮ ਕਰਦੇ ਹਨ ਅਤੇ ਉਹ ਆਮ ਤੌਰ 'ਤੇ ਵਿਆਪਕ ਯਾਤਰਾ ਕਰਦੇ ਹਨ। ਤਨਖਾਹ ਆਮ ਤੌਰ 'ਤੇ ਪ੍ਰਤੀ ਰੁਝੇਵਿਆਂ ਲਈ ਹੁੰਦੀ ਹੈ ਅਤੇ ਤੁਹਾਡੇ ਦੁਆਰਾ ਪ੍ਰਸਿੱਧੀ ਪ੍ਰਾਪਤ ਕਰਨ ਦੇ ਨਾਲ ਵਧ ਸਕਦੀ ਹੈ। ਇੱਕ ਸਫਲ, ਅਭਿਲਾਸ਼ੀ ਪ੍ਰੇਰਣਾਦਾਇਕ ਸਪੀਕਰ ਦਰਸ਼ਕਾਂ ਦੇ ਸਾਹਮਣੇ ਬੋਲਣ ਦੇ ਕਿਸੇ ਵੀ ਮੌਕੇ 'ਤੇ ਛਾਲ ਮਾਰ ਦੇਵੇਗਾ। ਸਫਲ ਪ੍ਰੇਰਕ ਬੁਲਾਰਿਆਂ ਨੂੰ ਵੱਡੀਆਂ ਬਹੁ-ਰਾਸ਼ਟਰੀ ਕੰਪਨੀਆਂ, ਕਾਨਫਰੰਸਾਂ, ਸਕੂਲਾਂ, ਕਾਲਜਾਂ ਆਦਿ ਵਿੱਚ ਬੋਲਣ ਦਾ ਮੌਕਾ ਮਿਲਦਾ ਹੈ। ਉਸਨੂੰ ਦੋ ਵੱਖ-ਵੱਖ ਸਥਾਨਾਂ ਦੀ ਯਾਤਰਾ ਕਰਨ ਲਈ ਭੁਗਤਾਨ ਕੀਤਾ ਜਾਂਦਾ ਹੈ ਜਿੱਥੇ ਉਹ ਬੋਲਣ ਦਾ ਰੁਝਾਨ ਰੱਖਦਾ ਹੈ। ਮੋਟੀਵੇਸ਼ਨਲ ਸਪੀਕਰ ਨੂੰ ਉਸ ਵਿਸ਼ੇ 'ਤੇ ਇਕ ਲੰਮੀ ਪੇਸ਼ਕਾਰੀ ਤਿਆਰ ਕਰਨੀ ਪੈਂਦੀ ਹੈ ਜਿਸ ਨੂੰ ਉਸ ਨੇ ਵੱਡੀ ਭੀੜ ਦੇ ਸਾਹਮਣੇ ਬੋਲਣਾ ਹੁੰਦਾ ਹੈ। ਉਹ ਆਪਣੇ ਜੀਵਨ ਦੇ ਤਜ਼ਰਬਿਆਂ, ਯੋਗਤਾਵਾਂ, ਤਾਕਤ ਜਾਂ ਕਮਜ਼ੋਰੀ ਦੀ ਵਰਤੋਂ ਕਰ ਸਕਦਾ ਹੈ ਤਾਂ ਜੋ ਭਾਸ਼ਣ ਨੂੰ ਦਿਲਚਸਪ ਅਤੇ ਸਾਰਿਆਂ ਲਈ ਸਮਝਣ ਵਿੱਚ ਆਸਾਨ ਬਣਾਇਆ ਜਾ ਸਕੇ। ਉਸ ਨੇ ਇਸ ਤਰ੍ਹਾਂ ਬੋਲਣਾ ਹੁੰਦਾ ਹੈ ਕਿ ਹਰ ਕੋਈ ਪ੍ਰੇਰਿਤ ਅਤੇ ਪ੍ਰੇਰਿਤ ਹੁੰਦਾ ਹੈ ਅਤੇ ਉਸ ਦੇ ਭਾਸ਼ਣ ਤੋਂ ਸਬਕ ਪ੍ਰਾਪਤ ਕਰਦਾ ਹੈ। ਇਸ ਕੈਰੀਅਰ ਵਿੱਚ ਸਫਲ ਹੋਣ ਲਈ, ਪ੍ਰੇਰਕ ਸਪੀਕਰ ਨੂੰ ਇੱਕ ਤਾਜ਼ਾ ਸੰਦੇਸ਼ ਲੱਭਣਾ ਅਤੇ ਪ੍ਰਦਾਨ ਕਰਨਾ ਚਾਹੀਦਾ ਹੈ ਜੋ ਮਹੱਤਵਪੂਰਨ ਹੈ। ਪ੍ਰੇਰਕ ਸਪੀਕਰ ਕਰੀਅਰ ਦੀਆਂ ਸੰਭਾਵਨਾਵਾਂ ਅੱਜ ਦੇ ਹਾਲਾਤ ਵਿੱਚ, ਪ੍ਰੇਰਕ ਬੁਲਾਰਿਆਂ ਦੀ ਬਹੁਤ ਜ਼ਿਆਦਾ ਮੰਗ ਹੈ; ਜਿਸਦਾ ਮਤਲਬ ਹੈ ਕਿ ਇੱਕ ਪ੍ਰੇਰਣਾਦਾਇਕ ਸਪੀਕਰ ਬਣਨ ਲਈ ਨੌਕਰੀ ਦੇ ਬਹੁਤ ਸਾਰੇ ਮੌਕੇ ਹਨ। ਪਿਛਲੇ ਦਹਾਕੇ ਵਿੱਚ ਨੈਸ਼ਨਲ ਸਪੀਕਰਜ਼ ਐਸੋਸੀਏਸ਼ਨ ਦੀ ਮੈਂਬਰਸ਼ਿਪ ਵਿੱਚ 30 ਫੀਸਦੀ ਦਾ ਵਾਧਾ ਹੋਇਆ ਹੈ, ਜੋ ਬੋਲਣ ਦੇ ਪੇਸ਼ੇ ਵਿੱਚ ਵਾਧਾ ਦਰਸਾਉਂਦਾ ਹੈ। ਹਾਲਾਂਕਿ, ਪ੍ਰੇਰਕ ਬੁਲਾਰਿਆਂ ਲਈ ਨੌਕਰੀ ਦੀ ਮਾਰਕੀਟ ਉਹਨਾਂ ਦੀ ਵਿਸ਼ੇਸ਼ਤਾ ਅਤੇ ਨਿਸ਼ਾਨਾ ਦਰਸ਼ਕਾਂ 'ਤੇ ਨਿਰਭਰ ਕਰਦੀ ਹੈ. ਇਸ ਕਿੱਤੇ ਵਿੱਚ ਬਹੁਤ ਮੁਕਾਬਲਾ ਹੈ। ਮੋਟੀਵੇਸ਼ਨਲ ਸਪੀਕਰ ਬਣ ਕੇ ਤੁਸੀਂ ਕਾਰਪੋਰੇਟ ਸੈਕਟਰ, ਐਜੂਕੇਸ਼ਨ ਸੈਕਟਰ, ਡਿਫੈਂਸ ਸਰਵਿ-ਸਿਜ਼ ਦੇ ਨਾਲ-ਨਾਲ ਰਾਜਨੀਤੀ ਵਿੱਚ ਆਪਣਾ ਕਰੀਅਰ ਬਣਾ ਸਕਦੇ ਹੋ। ਪ੍ਰੇਰਕ ਸਪੀਕਰ ਦੀ ਤਨਖਾਹ ਮੋਟੀਵੇਸ਼ਨਲ ਸਪੀਕਰ ਦਾ ਤਨਖਾਹ ਸਕੇਲ ਇਸ ਗੱਲ 'ਤੇ ਨਿਰਭਰ ਕਰਦਾ ਹੈ ਕਿ ਉਸਨੇ ਕਿੰਨੇ ਭਾਸ਼ਣ ਕਰਵਾਏ ਹਨ ਅਤੇ ਉਸਦਾ ਕੰਮ ਕਿੰਨਾ ਪ੍ਰਭਾਵਸ਼ਾਲੀ ਹੈ। ਆਮ ਤੌਰ 'ਤੇ, ਪ੍ਰੇਰਕ ਬੁਲਾਰਿਆਂ ਦੀ ਤਨਖਾਹ ਰੁਪਏ ਦੇ ਵਿਚਕਾਰ ਹੁੰਦੀ ਹੈ। 40,000 ਤੋਂ ਰੁ. 50,000 ਪ੍ਰਤੀ ਮਹੀਨਾ। ਇੱਕ ਕੁਸ਼ਲ ਅਤੇ ਤਜ਼ਰਬੇਕਾਰ ਪ੍ਰੇਰਕ ਸਪੀਕਰ ਵੀ ਰੁਪਏ ਪ੍ਰਾਪਤ ਕਰ ਸਕਦਾ ਹੈ। 1,00,000 ਤੋਂ ਰੁ. ਭਾਰਤ ਵਿੱਚ 2,00,000 ਪ੍ਰਤੀ ਮਹੀਨਾ। ਇਹ ਕਿੱਤਾ ਤੁਹਾਨੂੰ ਲੱਖਾਂ ਦੀ ਕਮਾਈ ਕਰ ਸਕਦਾ ਹੈ।

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232
Call JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES


afc
Asian Food Centre
WE'RE HERE TO SERVE
ONLY THE BEST
PRODUCTS FOR YOU.
FRESH
FRUITS &
VEGETABLES
Healthy
& fresh
grocery
afc
Variety of
Indian Sweets
Available
OPEN
NOW
340 Woodlawn RD
Guelph, N1H 7K6
ETOBICOKE
10 Westmore Dr.
416-740-3262
MEAT SHOP AVAILABLE
MISSISSAUGA
1075 Ceremonial Dr
905-502-1600
MEAT SHOP AVAILABLE
BRAMPTON
621 Wanless Dr.
905-495-3336
MEAT SHOP AVAILABLE
BRAMPTON
2120 N Park Dr.
905-793-1338
MEAT SHOP AVAILABLE
BRAMPTON
80 Pertosa Dr.
905-460-0009
TOLL FREE
1-800-708-9232
BRAMPTON
40 Airport RD & Lacoste Blvd.
905-794-8109
MEAT SHOP AVAILABLE
BRAMPTON
10510 Torbram Rd.
905-790-0030
BRAMPTON
10 Pannahill Dr.
905-913-8017
MEAT SHOP AVAILABLE
GUELPH
340 Woodlawn Rd W
226-669-0004
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media